

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ

ਮਾਸਿਕ

# ਸੇਵਾ ਸਰਗਰਮੀਆਂ

ਲੜੀ ਨੰਬਰ 23, ਜਨਵਰੀ 2020 (ਪੋਹ-ਮਾਘ ਸੰਮਤ ਨਾਨਕਸ਼ਾਹੀ 551) । ਮੁੱਖ ਸੰਪਾਦਕ : ਮਹਿੰਦਰ ਸਿੰਘ ਆਹਲੀ । ਪ੍ਰਕਾਸ਼ਕ : ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ । ਫੋਨ : 01832553956-60 । ਈਮੇਲ : sgpcsargarmiya@gmail.com


## ਛੋਟੇ ਸਾਹਿਬਜ਼ਾਦਿਆਂ ਦੀ ਯਾਦ ਵਿਚ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਸਜਾਇਆ ਵਿਸ਼ਾਲ ਨਗਰ ਕੀਰਤਨ

### ਪ੍ਰਮੁੱਖ ਸ਼ਖ਼ਸੀਅਤਾਂ ਸਮੇਤ ਲੱਖਾਂ ਸੰਗਤਾਂ ਨੇ ਸ਼ਰਧਾ ਨਾਲ ਕੀਤੀ ਸ਼ਮੂਲੀਅਤ, ਥਾਂ-ਥਾਂ ਹੋਇਆ ਭਰਵਾਂ ਸਵਾਗਤ

ਸ੍ਰੀ ਫਤਹਿਗੜ੍ਹ ਸਾਹਿਬ, 28 ਦਸੰਬਰ- ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਹਿ ਸਿੰਘ ਤੇ ਮਾਤਾ ਗੁਜਰ ਕੌਰ ਜੀ ਦੇ ਸ਼ਹੀਦੀ ਜੋੜ ਮੇਲ ਦੌਰਾਨ --ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਤੱਕ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਸਿੱਖ ਜਥੇਬੰਦੀਆਂ, ਧਾਰਮਿਕ ਸਭਾ ਸੁਸਾਇਟੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਸਜਾਏ ਇਸ ਨਗਰ ਨਗਰ ਕੀਰਤਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਦਮਦਮੀ ਟਕਸਾਲ ਦੇ ਮੁੱਖੀ ਬਾਬਾ ਹਰਨਾਮ ਸਿੰਘ,





ਸ਼੍ਰੋਮਣੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ, ਤਰਨਾ ਦਲ ਦੇ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਦਲ ਬਾਬਾ ਬਿਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ ਸਮੇਤ ਵੱਡੀ ਗਿਣਤੀ ਵਿਚ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕਰਕੇ ਸਾਹਿਬਜ਼ਾਦਿਆਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਇਸ ਤੋਂ ਇਲਾਵਾ ਲੱਖਾਂ ਦੀ ਗਿਣਤੀ ਵਿਚ ਸੰਗਤਾਂ ਵੀ ਨਗਰ ਕੀਰਤਨ ਵਿਚ ਸ਼ਾਮਲ ਹੋਣ ਲਈ ਸ੍ਰੀ ਫ਼ਤਹਿਗੜ੍ਹ ਸਾਹਿਬ ਦੀ ਧਰਤੀ 'ਤੇ ਪੁੱਜੀਆਂ ਹੋਈਆਂ ਸਨ।

ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਆਸਾ ਦੀ ਵਾਰ ਦੇ ਕੀਰਤਨ ਹੋਇਆ ਅਤੇ ਮੁੱਖ ਗ੍ਰੰਥੀ ਭਾਈ ਹਰਪਾਲ ਸਿੰਘ ਨੇ ਮਾਤਾ ਗੁਜਰੀ ਜੀ ਅਤੇ ਸਾਹਿਬਜ਼ਾਦਿਆਂ ਦੇ ਜੀਵਨ ਇਤਿਹਾਸ 'ਤੇ ਚਾਨਣਾ ਪਾਇਆ। ਇਸ ਦੌਰਾਨ ਸੰਗਤੀ ਰੂਪ ਵਿਚ ਜਪੁ ਜੀ ਸਾਹਿਬ ਦੇ ਪਾਠ ਮਗਰੋਂ ਅਰਦਾਸ ਕੀਤੀ ਗਈ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸਰਵਣ ਕਰਵਾਇਆ। ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪੰਜ ਪਿਆਰਿਆਂ ਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਭੇਟ ਕੀਤੇ। ਨਗਰ ਕੀਰਤਨ ਵਿਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਤੇ ਗੱਤਕਾ ਅਖਾੜਿਆਂ ਨੇ ਸਿੱਖ ਮਾਰਸ਼ਲ ਆਰਟ ਗਤਕਾ ਦੇ ਜੰਗਜੂ ਜੌਹਰ ਦਿਖਾਉਂਦਿਆਂ ਸਾਹਿਬਜ਼ਾਦਿਆਂ ਨੂੰ ਸਤਿਕਾਰ ਭੇਟ ਕੀਤਾ। ਨਗਰ ਕੀਰਤਨ ਦੇ ਸਾਰੇ ਰਸਤੇ ਸੰਗਤਾਂ ਅਤੇ ਸਭਾ-ਸੁਸਾਇਟੀਆਂ ਵੱਲੋਂ ਜਿਥੇ ਭਰਵਾਂ ਸਵਾਗਤ ਕੀਤਾ ਗਿਆ, ਉਥੇ ਹੀ ਵੱਖ-ਵੱਖ ਤਰ੍ਹਾਂ ਦੇ ਲੰਗਰ ਵੀ ਲਗਾਏ ਗਏ। ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਨਗਰ ਕੀਰਤਨ ਦੀ ਸਮਾਪਤੀ ਸਮੇਂ ਸਜਾਏ ਗਏ ਗੁਰਮਤਿ ਸਮਾਗਮ ਵਿਚ ਪੰਥ ਪ੍ਰਸਿੱਧ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਨਾਲ ਸੰਗਤ ਨੂੰ ਜੋੜਿਆ। ਇਸ ਮੌਕੇ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਸੋਹਿਲਾ ਸਾਹਿਬ ਦਾ ਪਾਠ ਕੀਤਾ ਅਤੇ ਸਮਾਪਤੀ ਦੀ ਅਰਦਾਸ ਗਿਆਨੀ ਰਘਬੀਰ ਸਿੰਘ ਜਥੇਦਾਰ ਤਖਤ ਸ੍ਰੀ ਕੇਸਗੜ੍ਹ ਸਾਹਿਬ ਨੇ ਕੀਤੀ। ਨਗਰ ਕੀਰਤਨ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਸਿੰਘ ਸਾਹਿਬ ਗਿਆਨੀ ਜਸਵਿੰਦਰ ਸਿੰਘ, ਅੰਤ੍ਰਿੰਗ ਮੈਂਬਰ ਸ. ਜਸਮੇਰ ਸਿੰਘ ਲਾਛੜੂ, ਬੀਬੀ ਕੁਲਦੀਪ ਕੌਰ ਟੌਹੜਾ, ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ, ਭਾਈ ਅਮਰਜੀਤ ਸਿੰਘ ਚਾਵਲਾ, ਸ. ਰਵਿੰਦਰ ਸਿੰਘ ਖ਼ਾਲਸਾ, ਸ. ਅਵਤਾਰ ਸਿੰਘ ਰਿਆ, ਸ. ਜਗਦੀਪ ਸਿੰਘ ਚੀਮਾ, ਸ. ਦਰਬਾਰਾ ਸਿੰਘ ਗੁਰੂ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਅਵਤਾਰ ਸਿੰਘ ਸੈਂਪਲਾ, ਸਾਬਕਾ ਸਕੱਤਰ ਸ. ਦਲਮੇਘ ਸਿੰਘ ਖੱਟੜਾ, ਮੀਤ ਸਕੱਤਰ ਸ. ਹਰਜੀਤ ਸਿੰਘ ਲਾਲੂਘੁੰਮਣ, ਗਿਆਨੀ ਫੂਲਾ ਸਿੰਘ, ਗਿਆਨੀ ਪ੍ਰਣਾਮ ਸਿੰਘ, ਬਾਬਾ ਜੱਸਾ ਸਿੰਘ, ਸ. ਸਵਿੰਦਰ ਸਿੰਘ ਸਭਰਵਾਲ, ਜਥੇਦਾਰ ਦੀਦਾਰ ਸਿੰਘ ਭੱਟੀ, ਸ. ਗੁਰਪ੍ਰੀਤ ਸਿੰਘ ਰਾਜੂ ਖੰਨਾ, ਸ. ਸਵਰਨ ਸਿੰਘ ਚਨਾਰਥਲ, ਸ. ਗੁਰਪ੍ਰੀਤ ਸਿੰਘ ਰੰਧਾਵਾ, ਮੈਨੇਜਰ ਸ. ਨੱਥਾ ਸਿੰਘ, ਐਮ.ਪੀ. ਡਾ. ਅਮਰ ਸਿੰਘ, ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ, ਸ. ਕਰਨੈਲ ਸਿੰਘ ਪੀਰ ਮੁਹੰਮਦ, ਸ. ਜਗਰੂਪ ਸਿੰਘ ਚੀਮਾ, ਐਡਵੋਕੇਟ ਅਮਰਜੀਤ ਸਿੰਘ ਚੀਮਾ, ਸ. ਗੁਰਬਿੰਦਰ ਸਿੰਘ ਭੱਟੀ, ਸ. ਜਸਪ੍ਰੀਤ ਸਿੰਘ ਆਦਿ ਹਾਜ਼ਰ ਸਨ।

### ਸਿੱਖ ਕੌਮ ਨੂੰ ਆਪਣੇ ਸ਼ਹੀਦੀ ਵਿਰਸੇ 'ਤੇ ਮਾਣ ਹੈ ਅਤੇ ਹਮੇਸ਼ਾ ਰਹੇਗਾ -ਭਾਈ ਲੌਂਗੋਵਾਲ

ਇਸੇ ਦੌਰਾਨ ਨਗਰ ਕੀਰਤਨ ਦੀ ਸਮਾਪਤੀ ਮੌਕੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਵਿਖੇ ਸਜਾਏ ਗਏ ਗੁਰਮਤਿ ਸਮਾਗਮ 'ਚ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਕੌਮ ਲਈ ਮਾਰਗ ਦਰਸ਼ਨ ਹੈ ਅਤੇ ਸਮੁੱਚੀ ਕੌਮ ਦਾ ਫ਼ਰਜ਼ ਬਣਦਾ ਹੈ ਕਿ ਆਪਣੇ ਮਹਾਨ ਸ਼ਹੀਦਾਂ ਦੇ ਜੀਵਨ ਤੋਂ ਪ੍ਰੇਰਣਾ ਪ੍ਰਾਪਤ ਕਰੇ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੇ ਸ਼ਹੀਦਾਂ ਦੀਆਂ ਕੁਰਬਾਨੀਆਂ ਸਾਨੂੰ ਬਿਖੜੇ ਸਮੇਂ ਹਿੰਮਤ ਦਾ ਪੱਲਾ ਫੜ੍ਹ ਕੇ ਧਰਮ ਵਿਚ ਪਰਪੱਕ ਰਹਿਣ ਦਾ ਰਾਹ ਦਿਖਾਉਂਦੀਆਂ ਹਨ। ਸਿੱਖ ਕੌਮ ਨੂੰ ਆਪਣੇ ਸ਼ਹੀਦੀ ਵਿਰਸੇ 'ਤੇ ਮਾਣ ਹੈ ਅਤੇ ਹਮੇਸ਼ਾ ਰਹੇਗਾ। ਭਾਈ ਲੌਂਗੋਵਾਲ ਨੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਨਾਲ-ਨਾਲ ਗੁਰੂ ਸਾਹਿਬ ਅਤੇ ਉਨ੍ਹਾਂ ਦੇ ਪਰਿਵਾਰ ਦਾ ਸਾਥ ਦੇਣ ਵਾਲੀਆਂ ਮਹਾਨ ਸ਼ਖ਼ਸੀਅਤਾਂ ਦੀ ਸ਼ਹੀਦੀ ਨੂੰ ਵੀ ਯਾਦ ਕੀਤਾ। ਭਾਈ ਲੌਂਗੋਵਾਲ ਨੇ ਉਨ੍ਹਾਂ ਸਮੂਹ ਧਾਰਮਿਕ ਸ਼ਖਸੀਅਤਾਂ, ਸਿੱਖ ਜਥੇਬੰਦੀਆਂ, ਸਭਾ-ਸੁਸਾਇਟੀਆਂ, ਸਕੂਲਾਂ/ਕਾਲਜਾਂ, ਪ੍ਰਸ਼ਾਸਨ ਤੇ ਸੰਗਤਾਂ ਦਾ ਸ਼ਹੀਦੀ ਸਭਾ ਦੌਰਾਨ ਸਹਿਯੋਗ ਕਰਨ ਲਈ ਧੰਨਵਾਦ ਕੀਤਾ।

### ਵਰਤਮਾਨ ਸਮੇਂ ਸਿੱਖ ਇਤਿਹਾਸ ਅਤੇ ਰਵਾਇਤਾਂ ਸਬੰਧੀ ਪਾਏ ਜਾ ਰਹੇ ਸ਼ੰਕਿਆਂ ਤੋਂ ਸੁਚੇਤ ਰਹੇ ਸਿੱਖ ਕੌਮ-ਗਿਆਨੀ ਹਰਪ੍ਰੀਤ ਸਿੰਘ

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿੱਖ ਕੌਮ ਲਾਸਾਨੀ ਵਿਰਸੇ ਦੀ ਵਾਰਸ ਹੈ ਅਤੇ ਕੌਮ ਦੇ ਇਤਿਹਾਸ ਅੰਦਰ ਸ਼ਹਾਦਤਾਂ ਦੀ ਲੰਮੀ ਲੜੀ ਮੌਜੂਦ ਹੈ। ਉਨ੍ਹਾਂ ਕਿਹਾ ਕਿ ਅਜੋਕੀ ਨੌਜੁਆਨੀ ਨੂੰ ਆਪਣੇ ਇਤਿਹਾਸ ਤੋਂ ਵਾਕਫ ਕਰਵਾਉਣ ਦੀ ਵੱਡੀ ਲੋੜ ਹੈ। ਉਨ੍ਹਾਂ ਸਿੱਖ ਕੌਮ ਨੂੰ ਗੁਰਬਾਣੀ, ਇਤਿਹਾਸ, ਮਰਯਾਦਾ ਅਤੇ ਪ੍ਰੰਪਰਾਵਾਂ ਦੇ ਗਿਆਨ ਤੋਂ ਜਾਣੂ ਹੋਣ ਦੀ ਅਪੀਲ ਕਰਦਿਆਂ ਕਿਹਾ ਕਿ ਵਰਤਮਾਨ ਸਮੇਂ ਅੰਦਰ ਸਿੱਖ ਇਤਿਹਾਸ ਅਤੇ ਰਵਾਇਤਾਂ ਸਬੰਧੀ ਪਾਏ ਜਾ ਰਹੇ ਸ਼ੰਕਿਆਂ ਤੋਂ ਸੁਚੇਤ ਰਹੇ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੇ ਕਿਹਾ ਕਿ ਕੌਮ ਅੰਦਰ ਭੁਲੇਖੇ ਪੈਦਾ ਕਰਨ ਵਾਲਿਆਂ ਤੋਂ ਸੁਚੇਤ ਹੋਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਧਰਮ ਅੰਦਰ ਸ਼ਰਧਾ ਦਾ ਵੱਡਾ ਮਹੱਤਵ ਹੁੰਦਾ ਹੈ ਅਤੇ ਤਰਕ ਦੀ ਥਾਂ ਬਿਬੇਕ ਸਿੱਖ ਚਿੰਤਨ ਦਾ ਅਹਿਮ ਅੰਗ ਹੈ। ਕੌਮ ਨੂੰ ਅੱਜ ਬਿਬੇਕ ਨਾਲ ਅੱਗੇ ਵਧਣਾ ਚਾਹੀਦਾ ਹੈ ਅਤੇ ਆਪਣੀਆਂ ਰਵਾਇਤਾਂ, ਪ੍ਰੰਪਰਾਵਾਂ ਅਤੇ ਵਿਰਾਸਤ ਦੀ ਅਗਵਾਈ ਵਿਚ ਕੌਮੀ ਇਕਜੁਟਤਾ ਲਈ ਯਤਨ ਕਰਨੇ ਚਾਹੀਦੇ ਹਨ। ਇਸ ਸਮੇਂ ਸਟੇਜ ਦੀ ਸੇਵਾ ਨਿਭਾਉਂਦਿਆਂ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਦੇ ਭਾਵੁਕ ਪਲਾਂ ਨੂੰ ਸੰਗਤ ਨਾਲ ਸਾਂਝਾ ਕੀਤਾ।

## ਭਾਈ ਲੌਂਗੋਵਾਲ ਨੇ ਅਮਰੀਕਾ 'ਚ ਸਿੱਖ 'ਤੇ ਨਸਲੀ ਹਮਲੇ ਦੀ ਕੀਤੀ ਨਿਖੇਧੀ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਵਿਦੇਸ਼ਾਂ ਅੰਦਰ ਸਿੱਖਾਂ ਉਤੇ ਹੁੰਦੇ ਨਸਲੀ ਹਮਲਿਆਂ 'ਤੇ ਗਹਿਰੀ ਚਿੰਤਾ ਪ੍ਰਗਟਾਈ ਹੈ। ਉਨ੍ਹਾਂ ਆਖਿਆ ਕਿ ਦੁੱਖ ਦੀ ਗੱਲ ਹੈ ਕਿ ਸਿੱਖਾਂ ਨੂੰ ਵਿਦੇਸ਼ਾਂ ਅੰਦਰ ਲਗਾਤਾਰ ਨਫ਼ਰਤੀ ਹਿੰਸਾ ਦਾ ਸ਼ਿਕਾਰ ਹੋਣਾ ਪੈ ਰਿਹਾ ਹੈ। ਭਾਈ ਲੌਂਗੋਵਾਲ ਨੇ ਅਮਰੀਕਾ ਦੇ ਸ਼ਹਿਰ ਬੇਲਿੰਗਹੇਮ 'ਚ ਸਿੱਖ ਡਰਾਈਵਰ 'ਤੇ ਇੱਕ ਵਿਅਕਤੀ ਵੱਲੋਂ ਕੀਤੇ ਗਏ ਹਮਲੇ ਮਗਰੋਂ ਇਹ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਆਖਿਆ ਕਿ ਭਾਰਤ ਸਰਕਾਰ ਨੂੰ ਵਿਦੇਸ਼ਾਂ ਦੀਆਂ ਸਰਕਾਰਾਂ ਨਾਲ ਸਿੱਖਾਂ ਦੀ ਸੁਰੱਖਿਆ ਦਾ ਮਾਮਲਾ ਉਠਾਉਣਾ ਚਾਹੀਦਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਿੱਖ 'ਤੇ ਕੀਤੇ ਗਏ ਹਮਲੇ ਦੀ ਨਿੰਦਾ ਕਰਦਿਆਂ ਕਿਹਾ ਕਿ ਅਜਿਹਾ ਵਰਤਾਰਾ ਠੀਕ ਨਹੀਂ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਨੇ ਵੱਖ-ਵੱਖ ਦੇਸ਼ਾਂ ਦੀ ਤਰੱਕੀ ਵਿਚ ਵੱਡਾ ਯੋਗਦਾਨ ਪਾਇਆ ਹੈ ਅਤੇ ਅੱਜ ਸਿੱਖ ਵਿਦੇਸ਼ਾਂ ਅੰਦਰ ਸਰਕਾਰਾਂ ਦਾ ਵੀ ਹਿੱਸਾ ਬਣੇ ਹੋਏ ਹਨ। ਦੇਸ਼-ਵਿਦੇਸ਼ ਅੰਦਰ ਵਸਦੇ ਸਿੱਖ ਹਮੇਸ਼ਾ ਮਨੁੱਖਤਾ ਦੇ ਭਲੇ ਲਈ ਸਰਗਰਮ ਰਹਿੰਦੇ ਹਨ, ਪਰੰਤੂ ਜਦੋਂ ਅਜਿਹੀਆਂ ਘਟਨਾਵਾਂ ਵਾਪਰਦੀਆਂ ਹਨ ਤਾਂ ਉਨ੍ਹਾਂ ਨੂੰ ਮਾਨਸਿਕ ਪ੍ਰੇਸ਼ਾਨੀ ਵਿੱਚੋਂ ਲੰਘਣਾ ਪੈਂਦਾ ਹੈ। ਭਾਈ ਲੌਂਗੋਵਾਲ ਨੇ ਵਿਦੇਸ਼ਾਂ 'ਚ ਵੱਸਦੇ ਸਿੱਖ ਆਗੂਆਂ ਤੇ ਗੁਰਦੁਆਰਾ ਕਮੇਟੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਉਥੋਂ ਦੀਆਂ ਸਰਕਾਰਾਂ ਨਾਲ ਸਿੱਖਾਂ ਦੀ ਸੁਰੱਖਿਆ ਯਕੀਨੀ ਬਣਾਉਣ ਸਬੰਧੀ ਗੱਲਬਾਤ ਕਰਨ।

### ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਲਗਾਈ ਅਹਿਮ ਫੈਸਲਿਆਂ 'ਤੇ ਮੋਹਰ

## ਚਾਰਟਰ ਜਹਾਜ਼ ਰਾਹੀਂ ਕੈਨੇਡਾ ਭੇਜੇ ਜਾਣਗੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ

### ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਸਬੰਧੀ ਸੁਪਰੀਮ ਕੋਰਟ ਦੇ ਫੈਸਲੇ 'ਤੇ ਸ਼੍ਰੋਮਣੀ ਕਮੇਟੀ ਪਾਵੇਗੀ ਰੀਵਿਊ ਪਟੀਸ਼ਨ- ਭਾਈ ਲੌਂਗੋਵਾਲ



ਸ੍ਰੀ ਫ਼ਤਹਿਗੜ੍ਹ ਸਾਹਿਬ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਸਜ਼ਾ ਮੁਆਫ਼ੀ 'ਤੇ ਸੁਪਰੀਮ ਕੋਰਟ ਵੱਲੋਂ ਰੋਕ ਲਗਾਉਣ ਦੇ ਫੈਸਲੇ ਸਬੰਧੀ ਰੀਵਿਊ ਪਟੀਸ਼ਨ ਪਾਉਣ ਦਾ ਫੈਸਲਾ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੀ ਨਵੀਂ ਚੁਣੀ ਗਈ ਅੰਤ੍ਰਿੰਗ ਕਮੇਟੀ ਦੀ ਇਥੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਹੋਈ ਪਲੇਠੀ ਇਕੱਤਰਤਾ ਦੌਰਾਨ ਇਹ ਫੈਸਲਾ ਲਿਆ ਗਿਆ। ਇਕੱਤਰਤਾ ਦੌਰਾਨ ਵਿਸ਼ੇਸ਼ ਚਾਰਟਰ ਜਹਾਜ਼ ਰਾਹੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਕੈਨੇਡਾ ਭੇਜਣ ਦੇ ਨਾਲ-ਨਾਲ ਹੋਰ ਕਈ ਫੈਸਲਿਆਂ 'ਤੇ ਵੀ ਮੋਹਰ ਲਗਾਈ ਗਈ।

ਇਕੱਤਰਤਾ ਮਗਰੋਂ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਨੂੰ ਰਿਹਾਅ ਕਰਨ ਦੇ ਕੇਂਦਰ ਸਰਕਾਰ ਵੱਲੋਂ ਲਏ ਗਏ ਫੈਸਲੇ 'ਤੇ ਉੱਚ ਅਦਾਲਤ ਵੱਲੋਂ ਲਗਾਈ ਗਈ ਰੋਕ ਅਫਸੋਸਨਾਕ ਹੈ। ਸ਼੍ਰੋਮਣੀ ਕਮੇਟੀ ਵੱਲੋਂ ਇਸ ਮਾਮਲੇ ਵਿਚ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਸਬੰਧ ਵਿਚ ਵਕੀਲਾਂ ਦੀਆਂ ਫ਼ੀਸਾਂ ਸਮੇਤ ਸਾਰਾ ਖ਼ਰਚਾ ਸ਼੍ਰੋਮਣੀ ਕਮੇਟੀ ਵੱਲੋਂ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਮਾਮਲੇ ਵਿਚ ਵੀ ਸ਼੍ਰੋਮਣੀ ਕਮੇਟੀ ਕੇਂਦਰ ਸਰਕਾਰ ਤੱਕ ਪਹੁੰਚ ਕਰੇਗੀ। ਜਲਦ ਹੀ ਸ਼੍ਰੋਮਣੀ ਕਮੇਟੀ ਇਕ ਵਫ਼ਦ ਦੇਸ਼ ਦੇ ਗ੍ਰਹਿ ਮੰਤਰੀ ਨਾਲ ਮੁਲਾਕਾਤ ਕਰੇਗਾ।

ਉਨ੍ਹਾਂ ਦੱਸਿਆ ਕਿ ਵਿਦੇਸ਼ਾਂ ਦੇ ਗੁਰਦੁਆਰਾ ਸਾਹਿਬਾਨ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਲਗਾਤਾਰ ਵਧ ਰਹੀ ਮੰਗ ਕਾਰਨ ਸ਼੍ਰੋਮਣੀ ਕਮੇਟੀ ਵੱਲੋਂ ਚਾਰਟਰ ਜਹਾਜ਼ ਰਾਹੀਂ ਪਾਵਨ ਸਰੂਪ ਕੈਨੇਡਾ ਭੇਜਣ ਦਾ ਫੈਸਲਾ ਕੀਤਾ ਗਿਆ ਹੈ। ਇਸ ਤਹਿਤ ਕੈਨੇਡਾ ਤੇ ਅਮਰੀਕਾ ਦੀਆਂ ਸੰਗਤਾਂ ਕੈਨੇਡਾ ਤੋਂ ਹੀ ਪਾਵਨ ਸਰੂਪ ਪ੍ਰਾਪਤ ਕਰ ਸਕਣਗੀਆਂ। ਇਸ ਕਾਰਜ ਲਈ ਸਤਿਨਾਮ ਟਰੱਸਟ ਕੈਨੇਡਾ ਦਾ ਸਹਿਯੋਗ ਲਿਆ ਜਾਵੇਗਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਮਰਯਾਦਾ ਅਨੁਸਾਰ ਹੀ ਕੈਨੇਡਾ ਭੇਜੇ ਜਾਣਗੇ। ਭਾਈ ਲੌਂਗੋਵਾਲ ਨੇ ਅੱਗੇ ਦੱਸਿਆ ਕਿ ਦੇਸ਼ ਦੀ ਅਜ਼ਾਦੀ ਵਿਚ ਯੋਗਦਾਨ ਪਾਉਣ ਵਾਲੇ ਗਦਰੀ ਬਾਬਿਆਂ ਦੀਆਂ ਤਸਵੀਰਾਂ ਸ੍ਰੀ ਦਰਬਾਰ ਸਾਹਿਬ ਦੇ ਕੇਂਦਰੀ ਸਿੱਖ ਅਜਾਇਬ ਘਰ ਵਿਚ ਲਗਾਈਆਂ ਜਾਣਗੀਆਂ। ਇਨ੍ਹਾਂ ਗਦਰੀ ਯੋਧਿਆਂ ਦੀ ਯਾਦ ਵਿਚ ਅੰਮ੍ਰਿਤਸਰ ਵਿਖੇ 11 ਜਨਵਰੀ ਨੂੰ ਇਕ ਉਚੇਚਾ ਸਮਾਗਮ ਵੀ ਕਰਵਾਇਆ ਜਾਵੇਗਾ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਿੱਖ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਨਾਲ ਸਬੰਧਤ ਕਿਲ੍ਹਾ ਲੋਹਗੜ੍ਹ ਸਾਹਿਬ ਹਰਿਆਣਾ ਵਿਖੇ ਬਣ ਰਹੀ ਯਾਦਗਾਰ ਲਈ ਹੋਰ ਜ਼ਮੀਨ ਖਰੀਦਣ ਦਾ ਵੀ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ

ਬਾਕੀ ਸਫ਼ਾ 2 'ਤੇ

## 1984 ਸਿੱਖ ਕਤਲੇਆਮ ਦੇ ਸਾਰੇ ਦੋਸ਼ੀਆਂ ਨੂੰ ਮਿਲਣ ਸਜ਼ਾਵਾਂ-ਭਾਈ ਲੌਂਗੋਵਾਲ

ਅੰਮ੍ਰਿਤਸਰ- 1984 'ਚ ਦਿੱਲੀ ਸਮੇਤ ਹੋਰ ਸ਼ਹਿਰਾਂ ਵਿਚ ਕੀਤਾ ਗਿਆ ਸਿੱਖ ਕਤਲੇਆਮ ਅਣਮਨੁੱਖੀ ਕਾਰੇ ਦੀ ਸਿਖ਼ਰ ਸੀ, ਜਿਸ ਦੇ ਸਾਰੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਮਿਲਣੀਆਂ ਚਾਹੀਦੀਆਂ ਹਨ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ 1984 ਸਿੱਖ ਕਤਲੇਆਮ ਨਾਲ ਸਬੰਧਤ ਜਸਟਿਸ ਐਸ. ਐਨ. ਢੀਂਗਰਾ ਦੀ ਅਗਵਾਈ ਵਾਲੀ ਐਸ.ਆਈ.ਟੀ. ਵੱਲੋਂ ਆਪਣੀ ਜਾਂਚ ਰਿਪੋਰਟ ਦਿੱਤੇ ਜਾਣ 'ਤੇ ਪ੍ਰਤੀਕਿਰਿਆ ਦਿੰਦਿਆਂ ਕੀਤਾ ਹੈ। ਉਨ੍ਹਾਂ ਕਿਹਾ ਕਿ 1984 ਅੰਦਰ ਵੱਖ-ਵੱਖ ਰੇਲਵੇ ਸਟੇਸ਼ਨਾਂ 'ਤੇ ਸਿੱਖ ਯਾਤਰੀਆਂ ਨੂੰ ਰੇਲ ਗੱਡੀਆਂ 'ਚੋਂ ਉਤਾਰ ਕੇ ਹੱਤਿਆ ਕੀਤੀ ਗਈ ਅਤੇ ਹੈਰਾਨੀ ਦੀ ਗੱਲ ਹੈ ਕਿ ਕਿਸੇ ਨੇ ਵੀ ਨਾ ਹੀ ਸਿੱਖਾਂ ਨੂੰ ਬਚਾਇਆ ਅਤੇ ਨਾ ਹੀ ਕਿਸੇ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ। ਉਨ੍ਹਾਂ ਕਿਹਾ ਕਿ ਜਸਟਿਸ ਢੀਂਗਰਾ ਕਮੇਟੀ ਵੱਲੋਂ ਦਿੱਤੀ ਗਈ ਰਿਪੋਰਟ ਵਿਚ ਸਾਫ਼ ਹੋ ਗਿਆ ਹੈ ਕਿ 1 ਅਤੇ 2 ਨਵੰਬਰ 1984 ਨੂੰ ਦਿੱਲੀ ਦੇ ਪੰਜ ਰੇਲਵੇ ਸਟੇਸ਼ਨਾਂ 'ਤੇ ਸਿੱਖਾਂ ਦੀ ਨਸਲਕੁਸ਼ੀ ਕੀਤੀ ਗਈ। ਇਸ ਵਿਚ ਇਹ ਵੀ ਸਾਫ਼ ਹੋਇਆ ਹੈ ਕਿ ਪੁਲਿਸ ਨੇ ਆਪਣੀ ਬਣਦੀ ਜ਼ੁੰਮੇਵਾਰੀ ਨਹੀਂ ਨਿਭਾਈ। ਨਾ ਹੀ ਘਟਨਾਵਾਰ ਅਤੇ ਨਾ ਹੀ ਅਪਰਾਧਵਾਰ ਐਫ.ਆਈ.ਆਰ. ਦਰਜ਼ ਕੀਤੀ ਗਈ। ਕਈ ਸ਼ਿਕਾਇਤਾਂ ਨੂੰ ਇਕ ਐਫ.ਆਈ.ਆਰ. ਵਿਚ ਹੀ ਮਿਲਾ ਦਿੱਤਾ ਗਿਆ। ਉਨ੍ਹਾਂ ਕਿਹਾ ਕਿ 35 ਸਾਲ ਬਾਅਦ ਅਜੇ ਤੱਕ ਸਿੱਖ ਇਨਸਾਫ਼ ਲਈ ਸੰਘਰਸ਼ ਕਰ ਰਹੇ ਹਨ। ਭਾਈ ਲੌਂਗੋਵਾਲ ਨੇ ਮੰਗ ਕੀਤੀ ਕਿ ਇਸ ਜਾਂਚ ਰਿਪੋਰਟ ਦੇ ਅਧਾਰ 'ਤੇ 1984 ਸਿੱਖ ਕਤਲੇਆਮ ਵਿਚ ਸਿੱਖਾਂ ਨੂੰ ਇਨਸਾਫ਼ ਦਿੱਤਾ ਜਾਵੇ ਤੇ ਦੋਸ਼ੀਆਂ ਨੂੰ ਸਜ਼ਾਵਾਂ ਦਿੱਤੀਆਂ ਜਾਣ। ਉਨ੍ਹਾਂ ਆਖਿਆ ਕਿ ਸਿੱਖ ਕਤਲੇਆਮ ਦਾ ਹਰ ਦੋਸ਼ੀ ਸਖ਼ਤ ਸਜ਼ਾ ਦਾ ਹੱਕਦਾਰ ਹੈ ਇਸ ਵਿਚ ਹੁਣ ਹੋਰ ਦੇਰੀ ਨਹੀਂ ਹੋਣੀ ਚਾਹੀਦੀ।

# ਸ਼੍ਰੋਮਣੀ ਕਮੇਟੀ ਵੱਲੋਂ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ



ਅੰਮ੍ਰਿਤਸਰ- ਸਿੱਖ ਕੌਮ ਦੇ ਮਹਾਨ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਵਿਖੇ ਸਥਿਤ ਉਨ੍ਹਾਂ ਨਾਲ ਸਬੰਧਤ ਅਸਥਾਨ ਗੁਰਦੁਆਰਾ ਸ਼ਹੀਦ ਬਾਬਾ ਗੁਰਬਖਸ਼ ਸਿੰਘ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਵਿੰਦਰ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਸ੍ਰੀ ਦਰਬਾਰ ਸਾਹਿਬ ਦੇ ਅਰਦਾਸੀਏ ਭਾਈ ਕੁਲਵਿੰਦਰ ਸਿੰਘ ਦੁਆਰਾ ਅਰਦਾਸ ਕਰਨ ਉਪਰੰਤ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਲਿਆ। ਇਸ ਮੌਕੇ ਗਿਆਨੀ ਗੁਰਮਿੰਦਰ ਸਿੰਘ ਨੇ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਦੇ ਜੀਵਨ ਸਬੰਧੀ ਵਿਚਾਰ ਕਰਦਿਆਂ ਕਿਹਾ ਕਿ ਬਾਬਾ ਜੀ ਸਿੱਖ ਕੌਮ ਦੇ ਮਾਣਮੱਤੇ ਸ਼ਹੀਦ ਹਨ, ਜਿਨ੍ਹਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪਵਿੱਤਰਤਾ ਨੂੰ ਕਾਇਮ ਰੱਖਣ ਲਈ ਅਹਿਮਦ ਸ਼ਾਹ ਅਬਦਾਲੀ ਦੀਆਂ ਫੌਜਾਂ ਦਾ ਆਪਣੇ ਕੁਝ ਸਾਥੀ ਸਿੰਘਾਂ ਨਾਲ ਡੱਟ ਕੇ ਮੁਕਾਬਲਾ ਕੀਤਾ। ਬਾਬਾ ਗੁਰਬਖਸ਼ ਸਿੰਘ ਜੀ ਦੀ ਸ਼ਹਾਦਤ ਆਪਣੇ ਧਰਮ ਅਸਥਾਨਾਂ ਦੀ ਰਾਖੀ ਲਈ ਸਿੱਖ ਕੌਮ ਨੂੰ ਅਗਵਾਈ ਦੇਣ ਵਾਲੀ ਹੈ, ਜਿਸ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਸਕੱਤਰ ਸਿੰਘ, ਇੰਚਾਰਜ ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਗੁਰਨਾਮ ਸਿੰਘ, ਵਧੀਕ ਮੈਨੇਜਰ ਸ. ਸੁਖਰਾਜ ਸਿੰਘ, ਸ. ਇਕਬਾਲ ਸਿੰਘ ਮੁਖੀ, ਸ. ਜਸਪਾਲ ਸਿੰਘ ਢੱਡੇ, ਸ. ਮਲਕੀਤ ਸਿੰਘ ਬਹਿੜਵਾਲ ਸ/ਸੁਪ੍ਰਿੰਟੈਂਡੈਂਟ ਸਮੇਤ ਸੰਗਤਾਂ ਹਾਜ਼ਰ ਸਨ।



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਸੱਜਣ ਸਿੰਘ ਬੱਜੂਮਾਨ ਦੇ ਵਿਸ਼ੇਸ ਉਪਰਾਲੇ ਨਾਲ ਧਰਮ ਪ੍ਰਚਾਰ ਕਮੇਟੀ ਵੱਲੋਂ ਹਲਕਾ ਕਾਲਾ ਅਫਗਾਨਾ ਦੇ ਰਤਨ ਪਬਲਿਕ ਸਕੂਲ ਸੀੜ੍ਹਾ ਵਿਖੇ ਸੁੰਦਰ ਦਸਤਾਰ ਮੁਕਾਬਲੇ ਕਰਵਾਏ ਗਏ। ਜਿਨ੍ਹਾਂ ਵਿਚ ਬੱਚਿਆਂ ਵੱਲੋਂ ਉਤਸ਼ਾਹ ਨਾਲ ਭਾਗ ਲਿਆ ਗਿਆ। ਮੁਕਾਬਲੇ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਚਾਰਕ ਭਾਈ ਸੁਖਰਾਜ ਸਿੰਘ, ਭਾਈ ਗੁਰਵੰਤ ਸਿੰਘ ਤੇ ਕਵੀਸ਼ਰ ਭਾਈ ਰਣਜੋਧ ਸਿੰਘ ਨੇ ਸਨਮਾਨਿਤ ਕੀਤਾ।

# ਹਿਮਾਲਿਆ ਪਬਲਿਕ ਸੀ: ਸੈ: ਸਕੂਲ ਮਾਕੋਵਾਲ ਵਿਖੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ



ਹਲਕਾ ਅਜਨਾਲਾ- ਨੌਜਵਾਨ ਪੀੜ੍ਹੀ ਨੂੰ ਗੁਰਬਾਣੀ ਪ੍ਰਤੀ ਉਤਸ਼ਾਹਿਤ ਕਰਨ ਲਈ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਚਾਰ ਸਾਹਿਬਜਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਦੇ ਹਲਕਾ ਮੈਂਬਰ ਮਾਸਟਰ ਅਮਰੀਕ ਸਿੰਘ ਵਿਛੋਆ ਦੇ ਸਹਿਯੋਗ ਨਾਲ ਹਿਮਾਲਿਆ ਪਬਲਿਕ ਸੀਨੀਅਰ ਸੰਕੈਡਰੀ ਸਕੂਲ ਮਾਕੋਵਾਲ ਵਿਖੇ ਵਿਦਿਆਰਥੀਆਂ ਦੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ ਗਏ। ਇਸ ਮੌਕੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਕਾਰ ਸਿੰਘ ਅਜਨਾਲਾ, ਭਾਈ ਬਲਜੋਧ ਸਿੰਘ ਤੇ ਭਾਈ ਸੁਖਰਾਜ ਸਿੰਘ ਨੇ ਸਿੱਖ ਰਹਿਤ ਮਰਿਯਾਦਾ ਅਤੇ ਸਿੱਖ ਸਿਧਾਂਤਾਂ ਬਾਰੇ ਜਾਣਕਾਰੀ ਦਿੱਤੀ।

ਇਹ ਮੁਕਾਬਲੇ ਪਹਿਲੀ ਤੋਂ ਪੰਜਵੀ ਤੱਕ, ਛੇਵੀਂ ਤੋਂ ਅੱਠਵੀਂ ਤੱਕ ਅਤੇ ਨੌਵੀਂ ਤੋਂ ਬਾਰਵੀਂ ਤੱਕ ਤਿੰਨ ਵਰਗਾ ਵਿੱਚ ਕਰਵਾਏ ਗਏ। ਮੁਕਾਬਲਿਆਂ ਵਿੱਚ ਪਹਿਲੇ ਦੂਸਰੇ ਤੇ ਤੀਸਰੇ ਸਥਾਨ ਤੇ ਆਉਣ ਵਾਲੇ ਅਤੇ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਦੇ ਸਾਬਕਾ ਮੀਤ ਸਕੱਤਰ ਸ. ਕਰਮਬੀਰ ਸਿੰਘ ਕਿਆਮਪੁਰ ਤੇ ਪ੍ਰਚਾਰਕ ਭਾਈ ਬਲਕਾਰ ਸਿੰਘ ਅਜਨਾਲਾ ਵੱਲੋਂ ਸਨਮਾਨ ਚਿੰਨ੍ਹ, ਮੈਡਲ ਤੇ ਧਾਰਮਿਕ ਪੁਸਤਕਾਂ ਦੇ ਸਨਮਾਨਿਤ ਕੀਤਾ ਗਿਆ।



ਸਿੱਖ ਮਿਸ਼ਨ ਹਰਿਆਣਾ (ਕੁਰੂਕਸ਼ੇਤਰ) ਵੱਲੋਂ ਏਂਜਲ ਸੀਨੀਅਰ ਸੈਕੰਡਰੀ ਸਕੂਲ ਖਤੋਲੀ (ਅੰਬਾਲਾ) ਵਿਖੇ ਗੁਰਮਤਿ ਸਮਾਗਮ ਅਤੇ ਧਾਰਮਿਕ ਮੁਕਾਬਲੇ ਕਰਵਾਏ ਗਏ।

# ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ ਨੇ ਅਧਿਕਾਰੀਆਂ ਨਾਲ ਕੀਤੀ ਇਕੱਤਰਤਾ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ ਨੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਨਾਲ ਇਕੱਤਰਤਾ ਕਰਕੇ ਸੰਸਥਾ ਦੀ ਬਿਹਤਰੀ ਲਈ ਸਮਰਪਣ ਭਾਵਨਾ ਨਾਲ ਡਿਊਟੀ ਨਿਭਾਉਣ ਲਈ ਕਿਹਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਵੀ ਹਰ ਅਧਿਕਾਰੀ ਨੂੰ ਸੰਸਥਾ ਦੀਆਂ ਰਵਾਇਤਾਂ ਦੇ ਦਾਇਰੇ ਵਿਚ ਰਹਿ ਕੇ ਡਿਊਟੀ ਨਿਭਾਉਣ ਦੇ ਆਦੇਸ਼ ਦਿੱਤੇ। ਸ਼੍ਰੋਮਣੀ ਕਮੇਟੀ ਦੇ ਨਵ-ਨਿਯੁਕਤ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ ਨੇ ਆਖਿਆ ਕਿ ਸ਼੍ਰੋਮਣੀ ਕਮੇਟੀ ਸਿੱਖ ਇਤਿਹਾਸ, ਸਿਧਾਂਤਾਂ ਅਤੇ ਰਵਾਇਤਾਂ ਦੀ ਰੌਸ਼ਨੀ ਵਿਚ ਕਾਰਜ ਕਰਨ ਵਾਲੀ ਪੰਥ ਦੀ ਸਿਰਮੌਰ ਸੰਸਥਾ ਹੈ, ਜਿਸ ਵੱਲ ਸਮੁੱਚੇ ਕੌਮ ਦੀਆਂ ਨਜ਼ਰਾਂ ਬਣੀਆਂ ਰਹਿੰਦੀਆਂ ਹਨ। ਸ਼੍ਰੋਮਣੀ ਕਮੇਟੀ ਦੇ ਹਰ ਅਹੁਦੇਦਾਰ, ਅਧਿਕਾਰੀ ਅਤੇ ਦਰਜ਼ਾ-ਬ-ਦਰਜ਼ਾ ਕਰਮਚਾਰੀ 'ਤੇ ਸਮਾਜ ਦੇ ਦੂਸਰੇ ਵਿਭਾਗਾਂ ਤੋਂ ਵੱਖਰੀ ਜ਼ੁੰਮੇਵਾਰੀ ਹੈ, ਜਿਸ 'ਤੇ ਖਰਾ ਉਤਰਨਾ ਸਾਡਾ ਮੁੱਢਲਾ ਫ਼ਰਜ਼ ਹੈ। ਉਨ੍ਹਾਂ ਕਿਹਾ ਕਿ ਹਰ ਮੁਲਾਜ਼ਮ ਆਪਣੇ ਜ਼ੁੰਮੇ ਲੱਗੀ ਸੇਵਾ ਨੂੰ ਤਨਦੇਹੀ ਅਤੇ ਸੁਹਿਰਦ ਭਾਵਨਾ ਨਾਲ ਨਿਭਾਵੇ, ਤਾਂ ਜੋ ਸੰਗਤਾਂ ਅੰਦਰ ਸੰਸਥਾ ਦਾ ਚੰਗਾ ਅਕਸ ਜਾ ਸਕੇ। ਉਨ੍ਹਾਂ ਕਿਹਾ ਕਿ ਸਾਡੀ ਛੋਟੀ ਜਿਹੀ ਕੁਤਾਹੀ ਸੰਸਥਾ ਦੀਆਂ ਰਵਾਇਤਾਂ ਨੂੰ ਸੱਟ ਮਾਰ ਸਕਦੀ ਹੈ, ਇਸ ਲਈ ਹਰ ਮੁਲਾਜ਼ਮ ਨੂੰ ਸੁਚੇਤ ਰਹਿ ਕੇ ਗੁਰੂ ਆਸ਼ੇ ਅਨੁਸਾਰ ਕੰਮ ਕਰਨਾ ਚਾਹੀਦਾ ਹੈ। ਭਾਈ ਮਹਿਤਾ ਨੇ ਮੁੱਖ ਸਕੱਤਰ ਨੂੰ ਮੁਲਾਜ਼ਮਾਂ ਦੀ ਹਾਜ਼ਰੀ ਬਾਇਓਮੈਟ੍ਰਿਕ ਵਿਧੀ ਰਾਹੀਂ ਲਾਜ਼ਮੀ ਕਰਨ ਲਈ ਵੀ ਕਿਹਾ। ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਆਪੋ-ਆਪਣੇ ਵਿਭਾਗਾਂ ਦੀ ਕਾਰਜਸ਼ਾਲੀ ਦੀ ਬਿਹਤਰੀ ਲਈ ਰੋਜ਼ਾਨਾ ਰਿਪੋਰਟ ਲਈ ਜਾਵੇ, ਤਾਂ ਜੋ ਬੀਤੇ ਦਿਨ ਦੇ ਮੁਲਾਂਕਣ ਦੇ ਨਾਲ-ਨਾਲ ਭਵਿੱਖੀ ਕਾਰਜਾਂ ਦੀ ਬਿਹਤਰ ਰੂਪ-ਰੇਖਾ ਬਣਾਈ ਜਾ ਸਕੇ। ਉਨ੍ਹਾਂ ਕਿਹਾ ਕਿ ਦਰਜ਼ਾ-ਬ-ਦਰਜ਼ਾ ਅਧਿਕਾਰੀਆਂ ਦਾ ਮਾਣ ਸਨਮਾਨ ਯਕੀਨੀ ਬਣਾਇਆ ਜਾਵੇ ਅਤੇ ਡਿਊਟੀ ਪ੍ਰਤੀ ਪਾਬੰਦ ਰਹਿਣ ਲਈ ਵੀ ਵਿਭਾਗਾਂ ਨੂੰ ਪ੍ਰੇਰਣਾ ਕੀਤੀ ਜਾਵੇ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਬਾਠ ਤੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਨੇ ਵੀ ਸੰਬੋਧਨ ਕੀਤਾ। ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਵੱਲੋਂ ਭਾਈ ਰਜਿੰਦਰ ਸਿੰਘ ਮਹਿਤਾ ਨੂੰ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਹੋਣ 'ਤੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਵਧੀਕ ਸਕੱਤਰ ਸ. ਪ੍ਰਤਾਪ ਸਿੰਘ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਸਕੱਤਰ ਸਿੰਘ, ਸ. ਸੁਲੱਖਣ ਸਿੰਘ ਭੰਗਾਲੀ, ਸ. ਸਤਿੰਦਰ ਸਿੰਘ, ਸ. ਸਿਮਰਜੀਤ ਸਿੰਘ ਕੰਗ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਨਿਸ਼ਾਨ ਸਿੰਘ, ਸ. ਗੁਰਮੀਤ ਸਿੰਘ ਬੁੱਟਰ ਤੇ ਸੁਪ੍ਰਿੰਟੈਂਡੈਂਟ ਸ. ਸਤਨਾਮ ਸਿੰਘ, ਸਹਾਇਕ ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਸਮੇਤ ਹੋਰ ਮੌਜੂਦ ਸਨ।

# ਗੁਰਦੁਆਰਾ ਥੇਹੜੀ ਸਾਹਿਬ, ਪਾਤਸ਼ਾਹੀ ਦਸਵੀਂ ਵਿਖੇ ਗੁਰਮਤਿ ਸਮਾਗਮ ਕਰਵਾਇਆ






ਮੁਕਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਤ੍ਰਿਗ ਮੈਂਬਰ ਜਥੇਦਾਰ ਗੁਰਪਾਲ ਸਿੰਘ ਗੋਰਾ ਦੇ ਵਿਸ਼ੇਸ ਸਹਿਯੋਗ ਨਾਲ 16 ਦਸੰਬਰ ਨੂੰ ਗੁਰਦੁਆਰਾ ਥੇਹੜੀ ਸਾਹਿਬ, ਪਾਤਸ਼ਾਹੀ ਦਸਵੀਂ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਲਾਨਾ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਤ੍ਰਿਗ ਮੈਂਬਰ ਜਥੇਦਾਰ ਗੁਰਪਾਲ ਸਿੰਘ ਗੋਰਾ ਤੇ ਜਥੇਦਾਰ ਜਗਸੀਰ ਸਿੰਘ ਮਾਂਗੇਆਣਾ ਵਿਸ਼ੇਸ ਤੌਰ ਤੇ ਹਾਜਰ ਹੋਏ। ਇਸ ਮੌਕੇ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਕਰਦਿਆਂ ਗੁਰੂ ਸਾਹਿਬ ਜੀ ਦੇ ਜੀਵਨ ਇਤਿਹਾਸ ਤੇ ਚਾਨਣਾ ਪਾਇਆ। ਸਿੰਘ ਸਾਹਿਬ ਜੀ ਨੇ ਸੰਗਤਾਂ ਨੂੰ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਗੁਰਮਤਿ ਵੀਚਾਰਧਾਰਾ ਅਨੁਸਾਰੀ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਕੀਤੀ।

ਇਸ ਮੌਕੇ ਅੰਤ੍ਰਿਗ ਮੈਂਬਰ ਜਥੇਦਾਰ ਗੁਰਪਾਲ ਸਿੰਘ ਗੋਰਾ ਤੇ ਜਥੇਦਾਰ ਜਗਸੀਰ ਸਿੰਘ ਮਾਂਗੇਆਣਾ ਨੇ ਵੀ ਸੰਗਤਾਂ ਨਾਲ ਵੀਚਾਰ ਸਾਂਝੇ ਕੀਤੇ। ਧਰਮ ਪ੍ਰਾਚਾਰ ਕਮੇਟੀ ਦੇ ਪ੍ਰਚਾਰਕ ਭਾਈ ਕੁਲਦੀਪ ਸਿੰਘ ਬਠਿੰਡਾ, ਕਵੀਸ਼ਰ ਭਾਈ ਤਰਸੇਮ ਸਿੰਘ ਮੰਡ ਅਤੇ ਢਾਡੀ ਭਾਈ ਦਲਜੀਤ ਸਿੰਘ ਵਛੋਆ ਦੇ ਜਥੇ ਨੇ ਵੀ ਸੰਗਤਾਂ ਨਾਲ ਇਤਿਹਾਸ ਦੀ ਸਾਂਝ ਪਾਈ। ਇਸ ਮੌਕੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਸਮਾਗਮਾਂ ਸਮੇਂ ਹਾਜ਼ਰੀ ਭਰੀ।

## ਸਫ਼ਾ 1 ਦਾ ਬਾਕੀ...

### ਅੰਤ੍ਰਿੰਗ ਕਮੇਟੀ...

ਯਾਦਗਾਰੀ ਗੁਰਦੁਆਰਾ ਸਾਹਿਬ ਦਾ ਕੰਮ ਕਾਫੀ ਹੱਦ ਤੱਕ ਮੁਕੰਮਲ ਹੋ ਚੁੱਕਾ ਹੈ ਅਤੇ ਜਲਦ ਹੀ ਰਹਿੰਦਾ ਕੰਮ ਵੀ ਮੁਕੰਮਲ ਕਰਵਾਇਆ ਜਾਵੇਗਾ। ਭਾਈ ਲੌਂਗੋਵਾਲ ਅਨੁਸਾਰ ਸ਼੍ਰੋਮਣੀ ਕਮੇਟੀ ਦੇ ਵੱਖ-ਵੱਖ ਕਾਰਜਾਂ ਲਈ ਪਹਿਲਾਂ ਬਣੀਆ ਸਬ-ਕਮੇਟੀਆਂ ਦੀ ਥਾਂ ਨਵੀਆਂ ਕਮੇਟੀਆਂ ਬਣਾਉਣ ਨੂੰ ਵੀ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਅੰਤ੍ਰਿੰਗ ਕਮੇਟੀ ਦੇ ਫੈਸਲੇ ਅਨੁਸਾਰ ਲੰਮਾ ਸਮਾਂ ਜ਼ੇਲ੍ਹ ਵਿਚ ਨਜ਼ਰਬੰਦ ਰਹਿਣ ਮਗਰੋਂ ਰਿਹਾਅ ਹੋਏ ਸਿੱਖ ਕੈਦੀ ਭਾਈ ਵਰਿਆਮ ਸਿੰਘ ਨੂੰ 1 ਲੱਖ ਰੁਪਏ ਦੀ ਸਹਾਇਤਾ ਦਿੱਤੀ ਜਾਵੇਗੀ।

**ਸ੍ਰੀ ਕਰਤਾਰਪੁਰ ਸਾਹਿਬ ਜਾਣ ਵਾਲੇ ਸ਼ਰਧਾਲੂਆਂ ਲਈ ਅੰਮ੍ਰਿਤਸਰ ਤੋਂ ਚਲੇਗੀ ਬੱਸ:** ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਕਰਤਾਰਪੁਰ ਸਾਹਿਬ ਪਾਕਿਸਤਾਨ ਜਾਣ ਵਾਲੇ ਸ਼ਰਧਾਲੂਆਂ ਦੀ ਸਹੂਲਤ ਲਈ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਡੇਰਾ ਬਾਬਾ ਨਾਨਕ ਲਈ ਇਕ ਵਿਸ਼ੇਸ਼ ਬੱਸ ਚਲਾਉਣ ਦਾ ਵੀ ਫੈਸਲਾ ਕੀਤਾ ਗਿਆ। ਭਾਈ ਲੌਂਗੋਵਾਲ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਸੰਗਤਾਂ ਨੂੰ ਆਨਲਾਈਨ ਰਜਿਸਟ੍ਰੇਸ਼ਨ ਲਈ 30 ਤੋਂ ਵੱਧ ਗੁਰੂ ਘਰਾਂ ਅੰਦਰ ਸਹੂਲਤ ਮੁਹੱਈਆ ਕਰਵਾਈ ਗਈ ਹੈ। ਇਸ ਦੇ ਨਾਲ ਹੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਤੋਂ ਟਰਮੀਨਲ ਤੱਕ ਬੱਸ ਦੀ ਸਹੂਲਤ ਵੀ ਪਹਿਲਾਂ ਤੋਂ ਹੀ ਜਾਰੀ ਹੈ। ਉਨ੍ਹਾਂ ਦੱਸਿਆ ਕਿ ਹੁਣ ਸ੍ਰੀ ਅੰਮ੍ਰਿਤਸਰ ਤੋਂ ਡੇਰਾ ਬਾਬਾ ਨਾਨਕ ਤੱਕ ਵੀ ਬਸ ਚਲਾਈ ਜਾਵੇਗਾ, ਤਾਂ ਜੋ ਵੱਧ ਤੋਂ ਵੱਧ ਸੰਗਤਾਂ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰ ਸਕਣ।

ਭਾਈ ਲੌਂਗੋਵਾਲ ਨੇ ਇਹ ਵੀ ਦੱਸਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਦੀਆਂ ਪਰਕਰਮਾਂ ਵਿਚ ਹਰਿਆਵਲ ਪੈਦਾ ਕਰਨ ਲਈ ਯੋਜਨਾਬੱਧ ਤਰੀਕੇ ਨਾਲ ਬੂਟੇ ਅਤੇ ਵੇਲ੍ਹਾਂ ਲਗਾਈਆਂ ਜਾਣਗੀਆਂ। ਇਸ ਕਾਰਜ ਲਈ ਡਾ. ਨਵਤੇਜ ਸਿੰਘ ਦੀਆਂ ਸਲਾਹਕਾਰ ਵਜੋਂ ਸੇਵਾਵਾਂ ਲਈਆਂ ਜਾਣਗੀਆਂ। ਇਸ ਤੋਂ ਇਲਾਵਾ ਹੋਰਨਾਂ ਗੁਰਦੁਆਰਾ ਸਾਹਿਬਾਨ ਅੰਦਰ ਵੀ ਵੱਧ ਤੋਂ ਵੱਧ ਬੂਟੇ ਲਗਾਏ ਜਾਣਗੇ, ਤਾਂ ਜੋ ਵਾਤਾਵਰਣ ਦੀ ਸ਼ੁੱਧਤਾ ਬਰਕਰਾਰ ਰਹੇ।

**ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦਾ ਬਣੇਗਾ ਨਵਾਂ ਦਫ਼ਤਰ:** ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਅੰਤ੍ਰਿੰਗ ਕਮੇਟੀ ਵੱਲੋਂ ਖ਼ਾਲਸੇ ਦੇ ਜਨਮ ਅਸਥਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦਾ ਨਵਾਂ ਦਫ਼ਤਰ ਬਣਾਉਣ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਤਖ਼ਤ ਸਾਹਿਬ ਵਿਖੇ ਸੰਗਤਾਂ ਲਈ ਨਵਾਂ ਜੋੜਾ ਘਰ ਵੀ ਤਿਆਰ ਕੀਤਾ ਜਾਵੇਗਾ। ਇਥੇ ਸੰਗਤ ਲਈ ਨਿਵਾਸਾਂ ਦੀ ਲੋੜ ਅਨੁਸਾਰ ਰਿਪੇਅਰ ਵੀ ਕਰਵਾਈ ਜਾਵੇਗੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਰਾਜਸਥਾਨ ਅੰਦਰ ਸਿੱਖੀ ਦੇ ਪ੍ਰਚਾਰ ਲਈ ਸਿੱਖ ਮਿਸ਼ਨ ਗੰਗਾਨਗਰ ਨੂੰ ਇਕ ਗੱਡੀ ਮੁਹੱਈਆ ਕਰਵਾਈ ਜਾਵੇਗੀ, ਤਾਂ ਜੋ ਪ੍ਰਚਾਰ ਜਥੇ ਸੰਗਤਾਂ ਤੱਕ ਸੁਖਾਲੀ ਪਹੁੰਚ ਬਣਾ ਸਕਣ। ਇਕੱਤਰਤਾ ਵਿਚ ਭਾਈ ਲੌਂਗੋਵਾਲ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਮੈਂਬਰ ਸ. ਭੁਪਿੰਦਰ ਸਿੰਘ ਅਸੰਧ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਗੁਰਪਾਲ ਸਿੰਘ ਗੋਰਾ, ਸ. ਸ਼ੇਰ ਸਿੰਘ ਮੰਡਵਾਲਾ, ਸ. ਜਸਮੇਰ ਸਿੰਘ ਲਾਛੜੂ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਸੁਰਜੀਤ ਸਿੰਘ ਕੰਗ, ਸ. ਇੰਦਰਮੋਹਨ ਸਿੰਘ ਲਖਮੀਰਵਾਲਾ, ਬੀਬੀ ਕੁਲਦੀਪ ਕੌਰ ਟੌਹੜਾ, ਬੀਬੀ ਪਰਮਜੀਤ ਕੌਰ ਲਹਿਰਾ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਸ. ਮਹਿੰਦਰ ਸਿੰਘ ਆਹਲੀ, ਸ. ਸੁਖਦਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਸ. ਪਰਮਜੀਤ ਸਿੰਘ ਸਰੋਆ, ਸ. ਸੁਖਮਿੰਦਰ ਸਿੰਘ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਸੁਲੱਖਣ ਸਿੰਘ ਭੰਗਾਲੀ, ਸ. ਦਰਸ਼ਨ ਸਿੰਘ ਪੀ.ਏ., ਮੈਨੇਜਰ ਸ. ਨੱਥਾ ਸਿੰਘ ਆਦਿ ਮੌਜੂਦ ਸਨ।



ਸਿੱਖ ਮਿਸ਼ਨ ਹਰਿਆਣਾ ਕੁਰੂਕਸ਼ੇਤਰ ਵੱਲੋਂ ਚਾਰ ਸਾਹਿਬਜ਼ਾਦਿਆਂ ਅਤੇ ਸਮੂਹ ਸ਼ਹੀਦਾਂ ਦੀ ਯਾਦ ਵਿਚ ਗੁਰਦੁਆਰਾ ਸਾਹਿਬ ਰਾਮ ਨਗਰ ਅੰਬਾਲਾ ਸ਼ਹਿਰ ਵਿਖੇ "ਸਾਕਾ ਚਮਕੌਰ ਅਤੇ ਸਾਕਾ ਸਰਹਿੰਦ" ਸਲਾਈਡ ਸ਼ੋ ਕਰਵਾਇਆ ਗਿਆ।

ਮੁੱਖ ਸੰਪਾਦਕ:
ਮਹਿੰਦਰ ਸਿੰਘ ਆਹਲੀ
ਸਹਾਇਕ:
ਜਗਤਾਰ ਸਿੰਘ ਖੋਦੇਬੇਟ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ,
ਗੁਰਦੁਆਰਾ ਰਾਮਸਰ ਸਾਹਿਬ,
ਸ੍ਰੀ ਅੰਮ੍ਰਿਤਸਰ ਸਾਹਿਬ।

# ਗੁਰਦੁਆਰਾ ਸਾਹਿਬਾਨ ਅੰਦਰ ਕਿਸੇ ਤਰ੍ਹਾਂ ਦੀ ਪ੍ਰਬੰਧਕੀ ਅਣਗਹਿਲੀ ਬਰਦਾਸ਼ਤ ਨਹੀਂ ਹੋਵੇਗੀ- ਭਾਈ ਲੌਂਗੋਵਾਲ

## ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਗੁਰਦੁਆਰਿਆਂ ਦੇ ਮੈਨੇਜਰਾਂ ਨਾਲ ਭਾਈ ਲੌਂਗੋਵਾਲ ਨੇ ਕੀਤੀ ਬੈਠਕ



ਸੰਗਰੂਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠਲੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ ਨਾਲ ਇਥੇ ਸਥਿਤ ਗੁਰਦੁਆਰਾ ਸ੍ਰੀ ਨਾਨਕਿਆਣਾ ਸਾਹਿਬ ਵਿਖੇ ਕੀਤੀ ਗਈ ਇਕ ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਪੱਸ਼ਟ ਕੀਤਾ ਕਿ ਗੁਰੂ ਘਰਾਂ ਅੰਦਰ ਪ੍ਰਬੰਧਕੀ ਅਣਗਹਿਲੀ ਨੂੰ ਕਿਸੇ ਤਰ੍ਹਾਂ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਆਖਿਆ ਕਿ ਗੁਰਦੁਆਰਾ ਸਾਹਿਬਾਨ ਦੇ ਮੈਨੇਜਰ ਸੰਗਤ ਦੀਆਂ ਭਾਵਨਾਵਾਂ ਅਨੁਸਾਰ ਹੀ ਪ੍ਰਬੰਧਕੀ ਸੇਵਾਵਾਂ ਨਿਭਾਉਣ ਅਤੇ ਹਰ ਮੁਲਾਜ਼ਮ ਦੀ ਜ਼ੁੰਮੇਵਾਰੀ ਨਿਰਧਾਰਤ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਡਿਊਟੀ ਸਮੇਂ ਕਿਸੇ ਕਿਸਮ ਦੀ ਕੁਤਾਹੀ ਅਤੇ ਅਨੁਸ਼ਾਸਨਹੀਣਤਾ ਕਰਨ ਵਾਲੇ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਜੇਕਰ ਕੋਈ ਅਜਿਹਾ ਕਰਦਾ ਹੈ ਤਾਂ ਉਸ ਵਿਰੁੱਧ ਵਿਭਾਗੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਮੈਨੇਜਰਾਂ ਪਾਸੋਂ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ 'ਚ ਆਉਂਦੀਆਂ ਮੁਸ਼ਕਲਾਂ ਅਤੇ ਸੁਝਾਵਾਂ ਨੂੰ ਸੁਣਿਆ ਅਤੇ ਉਨ੍ਹਾਂ ਨੂੰ ਕਿਹਾ ਕਿ ਜੇਕਰ ਕਿਸੇ ਵੀ ਪ੍ਰਬੰਧਕੀ ਮਾਮਲੇ ਵਿਚ ਕੋਈ ਮੁਸ਼ਕਲ ਪੇਸ਼ ਆਉਂਦੀ ਤਾਂ ਉਹ ਉਨ੍ਹਾਂ (ਭਾਈ ਲੌਂਗੋਵਾਲ) ਨਾਲ ਸੰਪਰਕ ਕਰਨ। ਭਾਈ ਲੌਂਗੋਵਾਲ ਨੇ ਆਖਿਆ ਕਿ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਦਾ ਸਿੱਧਾ ਸਬੰਧ ਸੰਗਤਾਂ ਨਾਲ ਜੁੜਿਆ ਹੋਇਆ ਹੈ, ਇਸ ਲਈ ਗੁਰਦੁਆਰਾ ਮੈਨੇਜਰਾਂ ਸਮੇਤ ਹਰ ਮੁਲਾਜ਼ਮ ਚੇਤੰਨਤਾ ਨਾਲ ਡਿਊਟੀ ਨਿਭਾਵੇ। ਉਨ੍ਹਾਂ ਕਿਹਾ ਕਿ ਆਪਣੀ ਡਿਊਟੀ ਦੇ ਨਾਲ-ਨਾਲ ਗੁਰਦੁਆਰਾ ਸਾਹਿਬਾਨ ਦੇ ਮੁਲਾਜ਼ਮ ਧਰਮ ਪ੍ਰਚਾਰ ਖੇਤਰ ਵਿਚ ਵੀ ਆਪਣਾ ਯੋਗਦਾਨ ਪਾਉਣ, ਤਾਂ ਜੋ ਸਿੱਖੀ ਦੀ ਮਹਿਕ ਘਰ-ਘਰ ਤੱਕ ਪਹੁੰਚ ਸਕੇ। ਉਨ੍ਹਾਂ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕੀ ਕੰਮ ਸਮੇਂ ਸਿਰ ਮੁਕੰਮਲ ਕਰਨ, ਸਰਾਵਾਂ ਵਿਚ ਰਿਹਾਇਸ਼ੀ ਕਮਰਿਆਂ ਦੀ ਸਾਫ਼ ਸਫ਼ਾਈ, ਲਿਟਰੇਚਰ ਘਰਾਂ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਛਾਪਿਆ ਹਰ ਸਾਹਿਤ ਮੁਹੱਈਆ ਕਰਵਾਉਣ, ਗੁਰਦੁਆਰਾ ਸਮੂਹ ਦੀ ਸਾਫ਼-ਸਫ਼ਾਈ ਵੱਲ ਉਚੇਚਾ ਧਿਆਨ ਦੇਣ ਆਦਿ ਸਬੰਧੀ ਵੀ ਹਦਾਇਤਾਂ ਜਾਰੀ ਕੀਤੀਆਂ। ਉਨ੍ਹਾਂ ਆਖਿਆ ਕਿ ਗੁਰਦੁਆਰਾ ਸਾਹਿਬਾਨ ਵਿਚ ਸਬੰਧਤ ਗੁਰੂ ਘਰ ਦਾ ਮੁਕੰਮਲ ਪ੍ਰਮਾਣਿਕ ਇਤਿਹਾਸਕ ਪ੍ਰਦਰਸ਼ਤ ਕੀਤਾ ਜਾਵੇ। ਹਰੇਕ ਗੁਰਦੁਆਰਾ ਸਾਹਿਬ ਦੇ ਇਤਿਹਾਸ ਨੂੰ ਪ੍ਰਦਰਸ਼ਤ ਕਰਦੇ ਬੋਰਡ ਗੁਰਦੁਆਰਾ ਸਾਹਿਬਾਨ ਨੂੰ ਆਉਂਦੇ ਮੁੱਖ ਮਾਰਗਾਂ 'ਤੇ ਵੀ ਲਗਾਏ ਜਾਣ। ਚੱਲ ਰਹੀਆਂ ਉਸਾਰੀਆਂ ਦੀ ਨਿਗਰਾਨੀ ਕੀਤੀ ਜਾਵੇ ਅਤੇ ਜਿਥੇ ਵੀ ਕੋਈ ਕਾਰਜ ਹੋਣ ਵਾਲਾ ਹੋਵੇ ਉਸ ਬਾਰੇ ਪਹਿਲ ਦੇ ਅਧਾਰ 'ਤੇ ਮੁੱਖ ਦਫ਼ਤਰ ਨੂੰ ਸੂਚਿਤ ਕੀਤਾ ਜਾਵੇ, ਤਾਂ ਜੋ ਸੰਗਤੀ ਸਹੂਲਤਾਂ ਵਿਚ ਕਮੀ ਨਾ ਰਹੇ।

ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਸਾਬਕਾ ਮੈਂਬਰ ਜਥੇਦਾਰ ਉਦੈ ਸਿੰਘ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਪਰਮਜੀਤ ਸਿੰਘ ਸਰੋਆ, ਵਧੀਕ ਸਕੱਤਰ ਸ. ਸੁਖਮਿੰਦਰ ਸਿੰਘ, ਮੀਤ ਸਕੱਤਰ ਸ. ਸੁਲੱਖਣ ਸਿੰਘ ਭੰਗਾਲੀ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਮੈਨੇਜਰ ਸ. ਕਰਨੈਲ ਸਿੰਘ ਨਾਭਾ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਜਸਬੀਰ ਸਿੰਘ, ਗੁਰਦੁਆਰਾ ਸ੍ਰੀ ਅੰਬ ਸਾਹਿਬ ਮੁਹਾਲੀ ਦੇ ਮੈਨੇਜਰ ਸ. ਅਮਰਜੀਤ ਸਿੰਘ, ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਸ੍ਰੀ ਗੋਇੰਦਵਾਲ ਸਾਹਿਬ ਦੇ ਮੈਨੇਜਰ ਸ. ਗੁਰਪ੍ਰੀਤ ਸਿੰਘ ਰੋਡੇ, ਗੁਰਦੁਆਰਾ ਫ਼ਤਹਿਗੜ੍ਹ ਸਾਹਿਬ ਦੇ ਮੈਨੇਜਰ ਸ. ਨੱਥਾ ਸਿੰਘ, ਮੈਨੇਜਰ ਸ. ਮਨਪ੍ਰੀਤ ਸਿੰਘ ਭਲਵਾਨ, ਸ. ਕਮਲਜੀਤ ਸਿੰਘ ਜੋਗੀਪੁਰ, ਸ. ਗੁਰਦੀਪ ਸਿੰਘ, ਸ. ਨਰਿੰਦਰ ਸਿੰਘ, ਸ. ਰਾਜਿੰਦਰ ਸਿੰਘ ਟੌਹੜਾ, ਸ. ਨਵਇੰਦਰਪ੍ਰੀਤ ਸਿੰਘ ਲੌਂਗੋਵਾਲ, ਸ. ਦਰਸ਼ਨ ਸਿੰਘ ਪੀ.ਏ. ਸਮੇਤ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਮੈਨੇਜਰ ਅਤੇ ਪ੍ਰਬੰਧਕ ਹਾਜ਼ਰ ਸਨ।

# ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਹਫ਼ਤਾਵਾਰੀ ਗੁਰਮਤਿ ਸਮਾਗਮ ਕਰਵਾਇਆ



ਤਲਵੰਡੀ ਸਾਬੋ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ 101 ਵਾਂ ਹਫ਼ਤਾਵਾਰੀ ਗੁਰਮਤਿ ਸਮਾਗਮ ਕਰਵਾਇਆ ਗਿਆ। ਸਮਾਗਮ ਵਿਚ ਭਾਈ ਗੁਰਜੰਟ ਸਿੰਘ ਹੈੱਡ ਗ੍ਰੰਥੀ ਤਖ਼ਤ ਸ੍ਰੀ ਦਮਦਮਾ ਸਾਹਿਬ, ਭਾਈ ਜਗਸੀਰ ਸਿੰਘ, ਭਾਈ ਅੰਮ੍ਰਿਤਪਾਲ ਸਿੰਘ ਹਜ਼ੂਰੀ ਰਾਗੀ ਤਖ਼ਤ ਸ੍ਰੀ ਦਮਦਮਾ ਸਾਹਿਬ, ਢਾਡੀ ਭਾਈ ਤਰਸੇਮ ਸਿੰਘ ਖੇਤਲਾ, ਭਾਈ ਹਰਵਿੰਦਰ ਸਿੰਘ ਬੱਗਾ, ਪ੍ਰਚਾਰਕ ਭਾਈ ਅਮਰਦੀਪ ਸਿੰਘ ਘਰਾਂਗਣਾ ਤੇ ਭਾਈ ਕੁਲਦੀਪ ਸਿੰਘ ਬਠਿੰਡਾ ਵੱਲੋਂ ਗੁਰ ਜਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸੇ ਦੌਰਾਨ ਗੁਰਦੁਆਰਾ ਭਾਈ ਬੀਰ ਸਿੰਘ ਭਾਈ ਧੀਰ ਸਿੰਘ ਵਿਖੇ ਹੋਏ ਅੰਮ੍ਰਿਤ ਸੰਚਾਰ ਸਮਾਗਮ ਮੌਕੇ 103 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਸਬ-ਆਫ਼ਿਸ ਤਲਵੰਡੀ ਸਾਬੋ ਦੇ ਵਧੀਕ ਸਕੱਤਰ ਇੰਜੀ: ਸੁਖਮਿੰਦਰ ਸਿੰਘ ਨੇ ਅੰਮ੍ਰਿਤ ਛਕਣ ਵਾਲੀਆਂ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਤਿਗੁਰੂ ਜੀ ਦੀ ਰਹਿਮਤ ਸਦਕਾ ਗੁਰੂ ਸਾਹਿਬ ਦੀਆਂ ਖੁਸ਼ੀਆਂ ਦੇ ਪਾਤਰ ਬਨਣ ਦਾ ਮੌਕਾ ਮਿਲਿਆ ਹੈ। ਉਨ੍ਹਾਂ ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਰਹਿਤ ਮਰਿਯਾਦਾ ਅਨੁਸਾਰ ਜੀਵਨ ਬਤੀਬ ਕਰਨ ਦੀ ਪ੍ਰੇਰਨਾ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਭਾਈ ਪਰਮਜੀਤ ਸਿੰਘ ਮੈਨੇਜਰ ਤਖ਼ਤ ਸ੍ਰੀ ਦਮਦਮਾ ਸਾਹਿਬ, ਸ. ਭੁਪਿੰਦਰ ਸਿੰਘ ਲਹਿਰੀ ਅਕਾਉਂਟੈਂਟ, ਸ. ਜਸਪਾਲ ਸਿੰਘ ਭੱਟੀ, ਸ. ਬਲਵੀਰ ਸਿੰਘ ਰਾਏਪੁਰ, ਸ. ਸਵਰਨ ਸਿੰਘ ਮੂਸਾ ਅਤੇ ਸ. ਅਮਨਦੀਪ ਸਿੰਘ ਫੱਤਾ ਆਦਿ ਹਾਜ਼ਰ ਸਨ।

# ਹਲਕਾ ਮੂਨਕ ਦੇ ਪਿੰਡ ਠੱਸਕਾ ਵਿਖੇ ਦਸ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ



ਮੂਨਕ- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਦੀ ਸ਼ਹਾਦਤ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਮੈਂਬਰ ਧਰਮ ਪ੍ਰਚਾਰ ਕਮੇਟੀ ਦੇ ਉਪਰਾਲੇ ਨਾਲ ਹਲਕਾ ਮੂਨਕ ਦੇ ਪਿੰਡ ਠੱਸਕਾ ਵਿਖੇ ਦਸ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ 45 ਨੌਜਵਾਨਾ, ਬੱਚਿਆਂ ਅਤੇ ਮਾਈਆ ਨੇ ਭਾਗ ਲਿਆ। ਕੈਂਪ ਵਿਚ ਭਾਗ ਲੈਣ ਵਾਲਿਆਂ ਨੂੰ ਪ੍ਰਚਾਰਕ ਭਾਈ ਗੁਰਸੇਵ ਸਿੰਘ ਘਰਾਚੋਂ ਨੇ ਸਿੱਖ ਰਹਿਤ ਮਰਿਯਾਦਾ ਤੋਂ ਜਾਣੂ ਕਰਵਾਇਆ ਜਦਕਿ ਭਾਈ ਅਮਰਜੀਤ ਸਿੰਘ ਗੁਰਦੁਆਰਾ ਧਮਤਾਨ ਸਾਹਿਬ ਨੇ ਬੱਚਿਆਂ ਨੂੰ ਦਸਤਾਰ ਸਿਖਲਾਈ ਦਿੱਤੀ। ਗੁਰਮਤਿ ਕੈਂਪ ਦੀ ਸੰਪੂਰਨਤਾ ਤੇ ਸੋਹਣੀਆਂ ਦਸਤਾਰਾਂ ਸਜਾਉਣ ਅਤੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ ਗਏ। ਦਸਤਾਰ ਮੁਕਾਬਲੇ ਵਿੱਚ ਪਹਿਲਾ ਸਥਾਨ ਮਨਪ੍ਰੀਤ ਸਿੰਘ, ਦੂਜਾ ਸਥਾਨ ਰਾਹੁਲ ਸਿੰਘ, ਤੇ ਤੀਜਾ ਸਥਾਨ ਰਾਹੁਲ ਸਿੰਘ ਸੁਪੱਤਰ ਸ. ਕਿਤਾਬ ਸਿੰਘ ਨੇ ਹਾਸਲ ਕੀਤਾ। ਇਸੇ ਤਰ੍ਹਾਂ ਗੁਰਬਾਣੀ ਕੰਠ ਮੁਕਾਬਲੇ ਵਿੱਚ ਪਹਿਲਾ, ਦੂਜਾ ਤੇ ਤੀਜਾ ਸਥਾਨ ਲੜੀਵਾਰ ਜਸ਼ਨ ਕੌਰ, ਮੁਸਕਾਨ ਕੌਰ ਤੇ ਤਾਨੀਆ ਕੌਰ ਨੇ ਪ੍ਰਾਪਤ ਕੀਤਾ। ਇਨ੍ਹਾਂ ਬੱਚਿਆਂ ਨੂੰ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਮੈਂਬਰ ਧਰਮ ਪ੍ਰਚਾਰ ਕਮੇਟੀ ਨੇ ਦਸਤਾਰਾਂ ਤੇ ਵਿਸ਼ੇਸ਼ ਇਨਾਮ ਦੇ ਕੇ ਸਨਮਾਨਿਤ ਕੀਤਾ। ਜਥੇਦਾਰ ਬਹਿਣੀਵਾਲ ਨੇ ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਦੇ ਮਾਤਾ ਪਿਤਾ ਦਾ ਧੰਨਵਾਦ ਕਰਦਿਆਂ ਸੰਗਤਾਂ ਨੂੰ ਗੁਰਮਤਿ ਦੇ ਧਾਰਨੀ ਹੋਣ ਦੀ ਪ੍ਰੇਰਨਾ ਕੀਤੀ। ਇਸ ਮੌਕੇ ਸਜਾਏ ਗਏ ਦੀਵਾਨ ਵਿਚ ਭਾਈ ਤਰਸੇਮ ਸਿੰਘ ਖੇਤਲਾ ਦੇ ਢਾਡੀ ਜਥੇ ਨੇ ਸੰਗਤਾਂ ਨੂੰ ਗੁਰ-ਇਤਿਹਾਸ ਸਰਵਣ ਕਰਵਾਇਆ। ਸਟੇਜ ਸਕੱਤਰ ਦੀ ਸੇਵਾ ਭਾਈ ਗੁਰਸੇਵ ਸਿੰਘ ਘਰਾਚੋਂ ਨੇ ਨਿਭਾਈ।

ਇਸ ਮੌਕੇ ਭਾਈ ਅਮਰੀਕ ਸਿੰਘ, ਭਾਈ ਜਗਰਾਜ ਸਿੰਘ, ਭਾਈ ਛੱਜੂ ਸਿੰਘ, ਭਾਈ ਰਾਮਪਾਲ ਸਿੰਘ ਸਰਕਲ ਪ੍ਰਧਾਨ, ਭਾਈ ਚਮਕੌਰ ਸਿੰਘ ਗ੍ਰੰਥੀ, ਭਾਈ ਬਾਲਕ੍ਰਿਸ਼ਨ ਸਿੰਘ ਪ੍ਰਚਾਰਕ, ਭਾਈ ਇੰਦਰਪਾਲ ਸਿੰਘ ਹਰਿਆਣਾ ਮਿਸ਼ਨ, ਭਾਈ ਅਵਤਾਰ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

# ਸਾਹਿਬਜਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਗੁਰਮਤਿ ਸਮਾਗਮ ਕਰਵਾਇਆ





ਤਲਵੰਡੀ ਸਾਬੋ- ਦਸਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਤਿਕਾਰਯੋਗ ਮਾਤਾ, ਮਾਤਾ ਗੁਜਰ ਕੌਰ, ਚਾਰ ਸਾਹਿਬਜਾਦਿਆਂ ਅਤੇ ਹੋਰ ਸ਼ਹੀਦਾਂ ਦੀ ਲਾਸਾਨੀ ਸਹਾਦਤ ਨੂੰ ਸਮਰਪਿਤ ਤਖਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਮੌਕੇ ਮਾਲਵਾ ਜੋਨ ਦੇ ਵੱਖ ਵੱਖ ਸਕੂਲਾਂ ਕਾਲਜਾਂ ਦੇ ਬੱਚਿਆਂ ਅਤੇ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਸਮੂਲੀਅਤ ਕੀਤੀ। ਇਸ ਮੌਕੇ ਗੁਰਬਾਣੀ ਕੀਰਤਨ ਉਪਰੰਤ ਸੰਗਤੀ ਰੂਪ ਵਿੱਚ ਜਪੁਜੀ ਸਾਹਿਬ ਦੇ ਪਾਠ ਕਰਕੇ ਉਪਰੰਤ ਮੂਲਮੰਤਰ ਅਤੇ ਗੁਰਮੰਤਰ ਦੇ ਜਾਪ ਕੀਤੇ ਗਏ।

ਇਸ ਮੌਕੇ ਭਾਈ ਜਗਤਾਰ ਸਿੰਘ ਵੱਲੋਂ ਸਾਹਿਬਜਾਦਿਆਂ ਦੀ ਸ਼ਹਾਦਤ ਬਾਰੇ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਈ ਗਈ। ਉਨ੍ਹਾਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਸਾਹਿਬਜਾਦਿਆਂ ਦੀ ਸ਼ਹਾਦਤ ਤੋਂ ਪ੍ਰੇਰਨਾ ਲੈ ਕੇ ਆਪਣੇ ਬੱਚਿਆਂ ਨੂੰ ਸਿੱਖੀ ਵਿਰਸੇ ਨਾਲ ਜੋੜਨ ਲਈ ਪ੍ਰੇਰਿਆ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਮਿੱਠੂ ਸਿੰਘ ਜੀ ਕਾਹਨੇਕੇ, ਜਥੇ. ਸੁਰਜੀਤ ਸਿੰਘ ਰਾਏਪੁਰ, ਵਧੀਕ ਸਕੱਤਰ ਇੰਜੀ: ਸੁਖਮਿੰਦਰ ਸਿੰਘ, ਸ. ਪਰਮਜੀਤ ਸਿੰਘ ਮੈਨੇਜਰ ਤਖਤ ਸ੍ਰੀ ਦਮਦਮਾ ਸਾਹਿਬ, ਭਾਈ ਗੁਰਜੰਟ ਸਿੰਘ ਹੈਂਡ ਗ੍ਰੰਥੀ ਤਖਤ ਸ੍ਰੀ ਦਮਦਮਾ ਸਾਹਿਬ, ਭਾਈ ਜਸਪਾਲ ਸਿੰਘ ਭੱਟੀ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



ਗੁਰਦੁਆਰਾ ਯਾਦਗਾਰ ਸ਼ਹੀਦ ਭਾਈ ਮਨੀ ਸਿੰਘ ਜੀ, ਰੰਧਾਵਾ ਪੱਤੀ, ਲੌਂਗੋਵਾਲ ਸੰਗਰੂਰ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ।

# ਗੁਰਦੁਆਰਾ ਬਾਬਾ ਗਾਂਧਾ ਸਿੰਘ ਜੀ ਬਰਨਾਲਾ ਵਿਖੇ ਗੁਰਮਤਿ ਸਮਾਗਮ ਕਰਵਾਇਆ



ਬਰਨਾਲਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਗੁਰਦੁਆਰਾ ਬਾਬਾ ਗਾਂਧਾ ਸਿੰਘ ਜੀ ਬਰਨਾਲਾ ਵਿਖੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਪਰਮਜੀਤ ਸਿੰਘ ਖਾਲਸਾ ਦੀ ਦੇਖ-ਰੇਖ ਹੇਠ ਕਰਵਾਇਆ ਗਿਆ। ਸਮਾਗਮ ਦੌਰਾਨ ਭਾਈ ਸੁਖਜਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਗਿਆਨੀ ਹਰਪਾਲ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਸ੍ਰੀ ਫ਼ਤਿਹਗੜ੍ਹ ਸਾਹਿਬ ਤੇ ਬਾਬਾ ਬੰਤਾ ਸਿੰਘ ਕਥਾਵਾਚਕ ਮੁੰਡਾਪਿੰਡ ਵਾਲਿਆਂ ਨੇ ਗੁਰੂ ਸਾਹਿਬ ਜੀ ਦੇ ਜੀਵਨ ਇਤਿਹਾਸ ਬਾਰੇ ਸੰਗਤਾਂ ਨਾਲ ਵੀਚਾਰ ਸ਼ਾਂਝੇ ਕੀਤੇ। ਭਾਈ ਬਲਦੇਵ ਸਿੰਘ ਲੌਂਗੋਵਾਲ ਦੇ ਢਾਡੀ ਜਥੇ ਵੱਲੋਂ ਗੁਰੂ ਜਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ।

ਇਸ ਮੌਕੇ ਪਹੁੰਚੀਆਂ ਸਖ਼ਸ਼ੀਅਤਾਂ ਦਾ ਸ਼੍ਰੋਮਣੀ ਕਮੇਟੀ ਮੈਂਬਰ ਸ. ਪਰਮਜੀਤ ਸਿੰਘ ਖਾਲਸਾ, ਜਥੇਦਾਰ ਬਲਦੇਵ ਸਿੰਘ ਚੂੰਘਾਂ, ਸੰਤ ਦਲਵਾਰ ਸਿੰਘ ਛੀਨੀਵਾਲ, ਮੈਨੇਜਰ ਇਕਬਾਲ ਸਿੰਘ ਛੀਨੀਵਾਲ ਵੱਲੋਂ ਸਨਮਾਨ ਕੀਤਾ ਗਿਆ। ਇਸ ਸਮਾਗਮ ਮੌਕੇ ਸਾਬਕਾ ਐਮ.ਪੀ. ਐਡਵੋਕੇਟ ਰਾਜਦੇਵ ਸਿੰਘ ਖਾਲਸਾ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਇੰਜੀ: ਸੁਖਮਿੰਦਰ ਸਿੰਘ, ਮਹੰਤ ਪਿਆਰਾ ਸਿੰਘ ਡੇਰਾ ਬਾਬਾ ਗਾਂਧਾ ਸਿੰਘ, ਸਾਬਕਾ ਸੈਨਿਕ ਵਿੰਗ ਦੇ ਪ੍ਰਧਾਨ ਇੰਜੀ: ਗੁਰਜਿੰਦਰ ਸਿੰਘ ਸਿੱਧੂ, ਮੈਨੇਜਰ ਸ. ਸੁਮੇਰ ਸਿੰਘ ਬਾਦੀਆਂ, ਸ. ਕਰਨੈਲ ਸਿੰਘ ਨਾਭਾ, ਸ. ਜਗਦੇਵ ਸਿੰਘ ਹੰਡਿਆਇਆ, ਸ. ਪਰਮਜੀਤ ਸਿੰਘ, ਸ. ਨਿਰਭੈ ਸਿੰਘ ਹੇਅਰ ਤੇ ਸ. ਅਮਰੀਕ ਸਿੰਘ ਭਦੌੜ, ਗਿ: ਕਰਮ ਸਿੰਘ ਭੰਡਾਰੀ, ਭਾਈ ਗੁਰਭੀਤਰ ਸਿੰਘ, ਪ੍ਰਿੰ: ਮਲਕੀਤ ਸਿੰਘ ਗਿੱਲ, ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਉੱਤਰ ਪ੍ਰਦੇਸ਼ 'ਚ ਨਗਰ ਕੀਰਤਨ ਸਜਾਉਣ ਤੋਂ ਰੋਕਣਾ ਸਿੱਖਾਂ ਦੀ ਧਾਰਮਿਕ ਆਜ਼ਾਦੀ 'ਤੇ ਹਮਲਾ -ਭਾਈ ਲੌਂਗੋਵਾਲ

ਅੰਮ੍ਰਿਤਸਰ- ਉੱਤਰ ਪ੍ਰਦੇਸ਼ ਅੰਦਰ ਨਗਰ ਕੀਰਤਨ ਕੱਢਣ ਸਮੇਂ ਪੁਲਿਸ ਵੱਲੋਂ ਸੰਗਤਾਂ ਖਿਲਾਫ ਕੇਸ ਦਰਜ ਕਰਨ ਦੀ ਨਿਖੇਧੀ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਇਹ ਸਿੱਖਾਂ ਦੀ ਧਾਰਮਿਕ ਅਜ਼ਾਦੀ 'ਤੇ ਸਿੱਧਾ ਹਮਲਾ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਦੱਸਣਯੋਗ ਹੈ ਕਿ ਯੂਪੀ ਅੰਦਰ ਪੀਲੀਭੀਤ ਦੇ ਪਿੰਡ ਖੇੜੀ ਨੌਬਰਾਮਾਦ ਵਿਚ ਸੰਗਤਾਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜਾਦਿਆਂ ਦੇ ਸ਼ਹੀਦੀ ਦਿਹਾੜੇ ਸਮੇਂ ਨਗਰ ਕੀਰਤਨ ਸਜਾਉਣ ਤੋਂ ਰੋਕਿਆ ਗਿਆ ਹੈ। ਜਾਣਕਾਰੀ ਅਨੁਸਾਰ ਇਸ ਦੌਰਾਨ 55 ਸਿੱਖ ਸੰਗਤਾਂ 'ਤੇ ਕੇਸ ਵੀ ਦਰਜ ਕਰ ਦਿੱਤਾ ਗਿਆ।

ਇਸ ਘਟਨਾ ਨੂੰ ਸ਼੍ਰੋਮਣੀ ਕਮੇਟੀ ਨੇ ਨਾਦਰਸ਼ਾਹੀ ਫੈਸਲਾ ਕਰਾਰ ਦਿੱਤਾ ਹੈ ਅਤੇ ਇਸ ਦੀ ਘੋਰ ਨਿਖੇਧੀ ਕੀਤੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਆਖਿਆ ਹੈ ਕਿ ਸਿੱਖ ਸੰਗਤਾਂ ਦੇਸ਼ ਦੁਨੀਆ ਅੰਦਰ ਗੁਰਪੁਰਬਾਂ ਅਤੇ ਹੋਰ ਇਤਿਹਾਸਕ ਦਿਹਾੜਿਆਂ ਮੌਕੇ ਨਗਰ ਕੀਰਤਨ ਸਜਾ ਕੇ ਸ਼ਰਧਾ ਪ੍ਰਗਟਾਉਂਦੀਆਂ ਹਨ ਪਰੰਤੂ ਦੁੱਖ ਦੀ ਗੱਲ ਹੈ ਕਿ ਉੱਤਰ ਪ੍ਰਦੇਸ਼ ਅੰਦਰ ਪੀਲੀਭੀਤ ਦੇ ਇੱਕ ਪਿੰਡ ਵਿਚ ਪੁਲਿਸ ਵੱਲੋਂ ਨਗਰ ਕੀਰਤਨ ਸਜਾ ਰਹੇ ਸਿੱਖਾਂ ਵਿਰੁੱਧ ਕੇਸ ਦਰਜ ਕਰ ਦਿੱਤਾ ਗਿਆ। ਭਾਈ ਲੌਂਗੋਵਾਲ ਨੇ ਕਿਹਾ ਕਿ ਸਿੱਖਾਂ ਦੀ ਧਾਰਮਿਕ ਆਜ਼ਾਦੀ ਵਿਰੁੱਧ ਉੱਤਰ ਪ੍ਰਦੇਸ਼ ਪੁਲਿਸ ਦੇ ਸਿੱਖ ਵਿਰੋਧੀ ਫੈਸਲੇ ਨਾਲ ਸਿੱਖਾਂ ਅੰਦਰ ਭਾਰੀ ਰੋਸ ਹੈ। ਪੁਲਿਸ ਦੀ ਕਾਰਵਾਈ ਨਾਲ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪੁੱਜੀ ਹੈ।

ਉਨ੍ਹਾਂ ਕਿਹਾ ਕਿ ਨਗਰ ਕੀਰਤਨ ਕੱਢਣ 'ਤੇ ਰੋਕ ਲਗਾਉਣ ਦੀ ਕੋਈ ਤੁਕ ਨਹੀਂ ਸੀ ਬਣਦੀ, ਕਿਉਂਕਿ ਸਿੱਖ ਕੌਮ ਵੱਲੋਂ ਸਜਾਏ ਜਾਂਦੇ ਨਗਰ ਕੀਰਤਨ ਆਪਣੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਉਣ ਦੇ ਨਾਲ ਨਾਲ ਮਨੁੱਖੀ ਭਾਚੇਚਾਰੇ ਨੂੰ ਜੋੜਦੇ ਹਨ। ਇਸ ਸਮੇਂ ਹਰ ਧਰਮ ਦੇ ਲੋਕ ਰਲ ਮਿਲ ਕੇ ਗੁਰੂ ਘਰਾਂ ਅੰਦਰ ਸ਼ਮੂਲੀਅਤ ਕਰਦੇ ਹਨ, ਪਰੰਤੂ ਹੈਰਾਨੀਜਨਕ ਗੱਲ ਹੈ ਕਿ ਉਤਰ ਪ੍ਰਦੇਸ਼ ਪੁਲਿਸ ਵੱਲੋਂ ਨਗਰ ਕੀਰਤਨ ਸਜਾਉਣ ਦੀ ਇਜਾਜ਼ਤ ਨਹੀਂ ਦਿੱਤੀ ਗਈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਸ ਸਬੰਧੀ ਯੂਪੀ ਸਰਕਾਰ ਨੂੰ ਦੋਸ਼ੀ ਪੁਲਿਸ ਕਰਮੀਆਂ ਖਿਲਾਫ ਕਾਰਵਾਈ ਕਰਨੀ ਚਾਹੀਦੀ ਹੈ। ਉਨ੍ਹਾਂ ਆਖਿਆ ਕਿ ਸਿੱਖ ਕੌਮ ਅਜਿਹਾ ਧੱਕਾ ਹਰਗਿਜ ਬਰਦਾਸ਼ਤ ਨਹੀਂ ਕਰੇਗੀ ਕਿ ਉਸ ਨੂੰ ਆਪਣੇ ਧਾਰਮਿਕ ਦਿਹਾੜੇ ਮਨਾਉਣ ਤੋਂ ਰੋਕਿਆ ਜਾਵੇ।

# ਬਾਬਾ ਅਟੱਲ ਰਾਇ ਜੀ ਦੇ 400 ਸਾਲਾ ਜਨਮ ਦਿਹਾੜੇ ਸਬੰਧੀ ਗੁਰਮਤਿ ਸਮਾਗਮ ਕਰਵਾਏ




ਅੰਮ੍ਰਿਤਸਰ- ਬਾਬਾ ਅਟੱਲ ਰਾਇ ਜੀ ਦੇ 400 ਸਾਲਾ ਜਨਮ ਦਿਹਾੜੇ ਸਬੰਧੀ ਸ੍ਰੀ ਦਰਬਾਰ ਸਾਹਿਬ ਨਜ਼ਦੀਕ ਗੁਰਦੁਆਰਾ ਬਾਬਾ ਅਟੱਲ ਰਾਇ ਜੀ ਵਿਖੇ ਹੋਏ ਗੁਰਮਤਿ ਸਮਾਗਮ ਸਮੇਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਅਤੇ ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ ਦੇ ਮੁਖੀ ਭਾਈ ਗੁਰਇਕਬਾਲ ਸਿੰਘ ਸਮੇਤ ਹੋਰ ਕੀਰਤਨੀ ਜਥਿਆਂ ਨੇ ਸੰਗਤ ਨੂੰ ਗੁਰਮਤਿ ਵਿਚਾਰਾਂ ਅਤੇ ਗੁਰਬਾਣੀ ਕੀਰਤਨ ਦੀ ਸਾਂਝ ਪਾਈ। ਇਸੇ ਤਹਿਤ ਅੱਜ ਸ੍ਰੀ ਅੰਮ੍ਰਿਤਸਰ ਸ਼ਹਿਰ ਦੀਆਂ ਬੀਬੀਆਂ ਦੀਆਂ ਸਭਾ-ਸੁਸਾਇਟੀਆਂ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦਾ ਸਮੂਹਕ ਰੂਪ ਵਿਚ ਪਾਠ ਕੀਤਾ ਗਿਆ। ਇਸ ਉਪਰੰਤ ਸਜਾਏ ਗਏ ਗੁਰਮਤਿ ਸਮਾਗਮ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਮੁੱਖ ਸਕੱਤਰ ਡਾ. ਰੂਪ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਵਧੀਕ ਮੈਨੇਜਰ ਸ. ਹਰਪ੍ਰੀਤ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ। ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ ਬਾਬਾ ਅਟੱਲ ਰਾਇ ਜੀ ਦੇ ਜੀਵਨ ਇਤਿਹਾਸ ਅਤੇ ਗੁਰਬਾਣੀ ਦੇ ਸਿਧਾਂਤਾਂ ਨਾਲ ਸੰਗਤ ਨੂੰ ਜੋੜਿਆ। ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰ ਭਾਈ ਸਰਬਜੀਤ ਸਿੰਘ ਢੋਟੀਆਂ ਨੇ ਵੀ ਸੰਗਤ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਸਮਾਗਮ ਸਮੇਂ ਵੱਖ-ਵੱਖ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀਆਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸੇ ਦੌਰਾਨ ਭਾਈ ਕੁਲਦੀਪ ਸਿੰਘ, ਭਾਈ ਅਮਰੀਕ ਸਿੰਘ, ਭਾਈ ਬਲਵਿੰਦਰ ਸਿੰਘ ਰੰਗੀਲਾ, ਭਾਈ ਰਾਜਿੰਦਰਪਾਲ ਸਿੰਘ, ਭਾਈ ਅਮਨਦੀਪ ਸਿੰਘ, ਭਾਈ ਗੁਰਸ਼ਰਨ ਸਿੰਘ ਤੇ ਗੁਰਵਿੰਦਰ ਸਿੰਘ ਦੇ ਰਾਗੀ ਜਥਿਆਂ ਨੇ ਗੁਰਬਾਣੀ ਦਾ ਰਸ-ਭਿੰਨਾ ਕੀਰਤਨ ਕਰਕੇ ਸੰਗਤ ਨੂੰ ਨਿਹਾਲ ਕੀਤਾ। ਇਸ ਮੌਕੇ ਡਾ. ਧਰਮਜੀਤ ਸਿੰਘ ਕਾਰਸੇਵਾ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ, ਸ. ਗੁਰਦੀਪ ਸਿੰਘ ਸਲੂਜਾ, ਸ. ਹਰਿੰਦਰ ਸਿੰਘ, ਸ. ਅਮਰਜੀਤ ਸਿੰਘ, ਸ. ਟਹਿਲਇੰਦਰ ਸਿੰਘ, ਸ. ਇੰਦਰਪਾਲ ਸਿੰਘ, ਸ. ਸਤਨਾਮ ਸਿੰਘ, ਸ. ਗੁਰਮੀਤ ਸਿੰਘ ਠੇਕੇਦਾਰ ਆਦਿ ਮੌਜੂਦ ਸਨ।

# ਦਸਵੇਂ ਪਾਤਸ਼ਾਹ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਗੁਰਬਾਣੀ ਜਾਪ ਸਮਾਗਮ





ਅੰਮ੍ਰਿਤਸਰ- ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਥੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਕੂਲਾਂ/ਕਾਲਜਾਂ ਦੇ ਬੱਚਿਆਂ ਦਾ ਗੁਰਬਾਣੀ ਜਾਪ ਸਮਾਗਮ ਕਰਵਾਇਆ ਗਿਆ। ਦੱਸਣਯੋਗ ਹੈ ਕਿ ਇਸ ਦਿਹਾੜੇ ਸਬੰਧੀ ਹਰ ਸਾਲ 22 ਦਸੰਬਰ ਨੂੰ ਵੱਖ-ਵੱਖ ਥਾਵਾਂ 'ਤੇ ਬੱਚਿਆਂ ਦੇ ਸਮਾਗਮ ਕਰਵਾਏ ਜਾਂਦੇ ਹਨ। ਇਸ ਦੀ ਸ਼ੁਰੂਆਤ ਸੰਨ 2016 ਵਿਚ ਕੀਤੀ ਗਈ ਸੀ। ਗੁਰਦੁਆਰਾ ਮੰਜੀ ਸਾਹਿਬ ਵਿਖੇ ਹੋਏ ਸਮਾਗਮ ਮੌਕੇ ਕਰੀਬ ਪੰਜ ਹਜ਼ਾਰ ਬੱਚਿਆਂ ਨੇ ਹਾਜ਼ਰੀ ਭਰੀ ਅਤੇ ਸੰਗਤੀ ਰੂਪ ਵਿਚ ਜਪੁਜੀ ਸਾਹਿਬ ਦਾ ਪਾਠ ਕੀਤਾ। ਸਮਾਗਮ ਸਮੇਂ ਭਾਈ ਸੁਲਤਾਨ ਸਿੰਘ ਨੇ ਅਰਦਾਸ ਕੀਤੀ ਅਤੇ ਹੁਕਮਨਾਮਾ ਭਾਈ ਹਰਮਿੱਤਰ ਸਿੰਘ ਨੇ ਲਿਆ। ਇਸ ਦੌਰਾਨ ਬੱਚਿਆਂ ਦੇ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਵੀ ਕੀਤਾ ਗਿਆ। ਸਮਾਗਮ ਦੀ ਆਰੰਭਤਾ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਐਡੀਸ਼ਨਲ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੇ ਸਾਹਿਬਜ਼ਾਦਿਆਂ ਨੂੰ ਸਤਿਕਾਰ ਭੇਟ ਕੀਤਾ ਅਤੇ ਬੱਚਿਆਂ ਨੂੰ ਮੂਲਮੰਤਰ ਅਤੇ ਗੁਰਮੰਤਰ ਦਾ ਸਿਮਰਨ ਕਰਵਾਇਆ। ਇਸ ਦੌਰਾਨ ਦਸਮ ਪਾਤਸ਼ਾਹ ਜੀ ਦੇ ਸਾਹਿਬਜ਼ਾਦਿਆਂ ਨੂੰ ਸਤਿਕਾਰ ਭੇਟ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਸਮੇਤ ਗੁਰੂ ਦੇ ਪਿਆਰੇ ਸਿੱਖਾਂ ਤੇ ਮਾਤਾ ਗੁਜਰੀ ਜੀ ਦੀਆਂ ਸ਼ਹਾਦਤਾਂ ਹੱਕ, ਸੱਚ ਅਤੇ ਧਰਮ ਦੀ ਰੱਖਵਾਲੀ ਲਈ ਉੱਘੜਵੀਂ ਮਿਸਾਲ ਹਨ। ਉਨ੍ਹਾਂ ਇਸ ਸ਼ਾਨਾਮੱਤੇ ਇਤਿਹਾਸ ਤੋਂ ਸੇਧ ਲੈ ਕੇ ਜੀਵਨ ਜਿਊਣ ਦੀ ਪ੍ਰੇਰਣਾ ਕੀਤੀ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਨੇ ਬੱਚਿਆਂ ਨੂੰ ਪ੍ਰੇਰਣਾ ਕਰਦਿਆਂ ਕਿਹਾ ਕਿ ਉਹ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਹੁੰਦਿਆਂ ਘੱਟ-ਘੱਟ ਜਪੁਜੀ ਸਾਹਿਬ ਦਾ ਪਾਠ ਜ਼ੁਬਾਨੀ ਯਾਦ ਕਰਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਬਾਠ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ ਤੇ ਸ. ਪ੍ਰਤਾਪ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਸੁਲੱਖਣ ਸਿੰਘ ਭੰਗਾਲੀ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਗੁਰਮੀਤ ਸਿੰਘ ਬੁੱਟਰ, ਸ. ਸਤਨਾਮ ਸਿੰਘ ਸੁਪ੍ਰਿੰਟੈਂਡੈਂਟ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ, ਵਧੀਕ ਮੈਨੇਜਰ ਸ. ਸੁਖਬੀਰ ਸਿੰਘ, ਸ. ਬਘੇਲ ਸਿੰਘ, ਸ. ਰਾਜਿੰਦਰ ਸਿੰਘ ਰੂਬੀ, ਸ. ਨਿਸ਼ਾਨ ਸਿੰਘ, ਸ਼੍ਰੋਮਣੀ ਕਮੇਟੀ, ਧਰਮ ਪ੍ਰਚਾਰ ਕਮੇਟੀ ਤੇ ਸ੍ਰੀ ਦਰਬਾਰ ਸਾਹਿਬ ਦੇ ਸਟਾਫ ਸਮੇਤ ਵੱਖ-ਵੱਖ ਸਕੂਲਾਂ ਦਾ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

# ਪੰਜ ਪਿਆਰੇ ਭਾਈ ਧਰਮ ਸਿੰਘ ਜੀ ਦੇ ਜਨਮ ਅਸਥਾਨ ਵਿਖੇ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਮਤਿ ਸਮਾਗਮ ਕਰਵਾਇਆ



ਹਸਤਨਾਪੁਰ -ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਸਾਜੇ ਗਏ ਪੰਜ ਪਿਆਰੇ ਭਾਈ ਧਰਮ ਸਿੰਘ ਦੇ ਜਨਮ ਅਸਥਾਨ ਪਿੰਡ ਸੈਫਪੁਰ ਹਸਤਨਾਪੁਰ ਜ਼ਿਲ੍ਹਾ ਮੇਰਠ (ਉਤਰ ਪ੍ਰਦੇਸ਼) ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਧਰਮ ਪ੍ਰਚਾਰ ਕਮੇਟੀ ਅਧੀਨ ਚਲਦੇ ਯੂ.ਪੀ. ਸਿੱਖ ਮਿਸਨ ਹਾਪੁੜ ਵੱਲੋ ਡੇਰਾ ਕਾਰਸੇਵਾ ਪਿੰਡ ਸੈਫਪੁਰ ਦੇ ਸਹਿਯੋਗ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ ਗੁਰਪੁਰਬ ਨੂੰ ਸਮਰਪਿਤ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ ਭਾਈ ਵਿਕਰਮਜੀਤ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਦੇਵ ਸਿੰਘ ਓਗਰਾ ਨੇ ਸੰਗਤਾਂ ਨਾਲ ਗੁਰੂ ਸਾਹਿਬ ਜੀ ਦੇ ਜੀਵਨ ਅਤੇ ਸਿੱਖਿਆਵਾਂ ਬਾਰੇ ਵੀਚਾਰ ਕੀਤੀ।

ਇਸ ਮੌਕੇ ਵਿਸ਼ੇਸ ਤੌਰ ’ਤੇ ਪਹੁੰਚੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਅਜਾਇਬ ਸਿੰਘ ਅਭਿਆਸੀ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਖਮੀਤ ਸਿੰਘ ਕਾਦੀਆਂ ਨੇ ਸੰਬੋਧਨ ਕਰਦਿਆਂ ਸੰਗਤਾਂ ਨੂੰ ਗੁਰੂ ਸਾਹਿਬ ਵੱਲੋਂ ਬਖਸ਼ੇ ਸਿਧਾਂਤਾਂ ਅਨੁਸਾਰੀ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਕੀਤੀ। ਇਸ ਮੌਕੇ ਸਿੱਖ ਮਿਸ਼ਨ ਦੇ ਇੰਚਾਰਜ ਭਾਈ ਬ੍ਰਿਜਪਾਲ ਸਿੰਘ ਅਤੇ ਧਰਮ ਪ੍ਰਚਾਰ ਕਮੇਟੀ ਦੇ ਢਾਡੀ ਭਾਈ ਨਿਰਮਲ ਸਿੰਘ ਜੇਠੂਵਾਲ ਨੇ ਵੀ ਸੰਗਤਾਂ ਨਾਲ ਇਤਿਹਾਸ ਦੀ ਸਾਂਝ ਪਾਈ। ਇਸ ਮੌਕੇ ਹੋਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 21 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਕੇ ਗੁਰੂ ਵਾਲੇ ਬਣੇ।

ਇਸ ਸਮਾਗਮ ਵਿਚ ਸ੍ਰੀ ਰਾਜਿੰਦਰ ਅਗਰਵਾਲ ਸਾਂਸਦ ਮੇਰਠ, ਸ੍ਰੀ ਕੁਲਵਿੰਦਰ ਸਿੰਘ ਪ੍ਰਧਾਨ ਜ਼ਿਲ੍ਹਾ ਪੰਚਾਇਤ ਮੇਰਠ, ਸ੍ਰੀ ਦਿਨੇਸ ਖਟੀਕ ਵਿਧਾਇਕ ਹਸਤਨਾਪੁਰ, ਸ. ਸੁਖਦਰਸਨ ਸਿੰਘ ਬੇਦੀ ਮੈਂਬਰ ਘੱਟ ਗਿਣਤੀ ਆਯੋਗ ਉੱਤਰ ਪ੍ਰਦੇਸ, ਭਾਈ ਸਤਵੰਤ ਸਿੰਘ, ਭਾਈ ਦਵਿੰਦਰ ਸਿੰਘ ਭਾਈ ਗੁਰਪ੍ਰੀਤ ਸਿੰਘ, ਭਾਈ ਜਗਜੀਤ ਸਿੰਘ, ਭਾਈ ਸਮਸੇਰ ਸਿੰਘ, ਭਾਈ ਮਨਜਿੰਦਰ ਸਿੰਘ, ਭਾਈ ਰਵਿੰਦਰ ਸਿੰਘ, ਭਾਈ ਗੁਰਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ।

# ਵਰਲਡ ਯੂਨੀਵਰਸਿਟੀ ਵੱਲੋਂ ਨਿਤਨੇਮ ਬਾਣੀਆਂ ਸੰਬੰਧੀ ਪੁਸਤਕ ਰਿਲੀਜ਼



ਫ਼ਤਿਹਗੜ੍ਹ ਸਾਹਿਬ – ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਵਿਖੇ ਇੱਕ ਵਿਸ਼ੇਸ਼ ਸਮਾਗਮ ਦੌਰਾਨ ਨਿਤਨੇਮ ਦੀਆਂ ਬਾਣੀਆਂ ਸਬੰਧੀ ਪੁਸਤਕ ਰਿਲੀਜ਼ ਕੀਤੀ ਗਈ। ਇਸ ਸਮਾਰੋਹ ਵਿੱਚ ਭਾਈ ਗੋਬਿੰਦ ਸਿੰਘ ਲੌਂਗੋਵਾਲ, ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਚਾਂਸਲਰ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਬਤੌਰ ਮੁੱਖ ਮਹਿਮਾਨ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਥਾਪਿਤ ਕੀਤੀ ਗਈ ਇਸ ਯੂਨੀਵਰਸਿਟੀ ਦੇ ਸਿਰਮੌਰ ਕਾਰਜਾਂ ਵਿੱਚੋਂ ਇੱਕ ਅਕਾਦਮਿਕ ਖੇਤਰ ਵਿੱਚ ਗੁਰਬਾਣੀ ਦਾ ਪ੍ਰਚਾਰ ਅਤੇ ਪਸਾਰ ਕਰਨਾ ਵੀ ਪ੍ਰਮੁੱਖ ਹੈ ਅਤੇ ਯੂਨੀਵਰਸਿਟੀ ਵੱਲੋਂ ਛਾਪੀ ਗਈ ਇਹ ਪੁਸਤਕ ਇਸ ਦਿਸ਼ਾ ਵੱਲ ਵਧਦਾ ਹੋਇਆ ਇੱਕ ਅਹਿਮ ਕਦਮ ਹੈ। ਭਾਈ ਲੌਂਗੋਵਾਲ ਨੇ ਇਸ ਕਾਰਜ ਲਈ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਡਾ. ਪਰਿਤ ਪਾਲ ਸਿੰਘ, ਪੁਸਤਕ ਦੇ ਲੇਖਕ ਡਾ. ਧਰਮ ਸਿੰਘ, ਸਾਬਕਾ ਪ੍ਰੋਫੈਸਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਅਤੇ ਸਮੂਹ ਸਟਾਫ਼ ਮੈਂਬਰਾਂ ਨੂੰ ਵਧਾਈ ਦਿੱਤੀ।

ਇਸ ਮੌਕੇ ਡਾ. ਧਰਮ ਸਿੰਘ ਨੇ ਜਾਣਕਾਰੀ ਦਿੰਦਿਆ ਕਿਹਾ ਕਿ ਇਹ ਪੁਸਤਕ ਦੁਨੀਆਂ ਭਰ ਦੇ ਅੰਗਰੇਜ਼ੀ ਦੇ ਪਾਠਕਾਂ ਲਈ ਗੁਰੂ ਸਾਹਿਬ ਵੱਲੋਂ ਬਖਸ਼ੀਆਂ ਨਿਤਨੇਮ ਦੀਆਂ ਬਾਣੀਆਂ ਦਾ ਭਾਵ ਅਰਥ ਸਮਝਣ ਵਿੱਚ ਸਹਾਈ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਇਹ ਆਪਣੀ ਕਿਸਮ ਦੀ ਇੱਕ ਨਿਵੇਕਲੀ ਪੁਸਤਕ ਹੈ ਜਿਸ ਵਿੱਚ ਅੰਗਰੇਜ਼ੀ ਭਾਸ਼ਾਂ ਵਿੱਚ ਸਧਾਰਨ ਅਨੁਵਾਦ ਤੋਂ ਹਟ ਕੇ ਨਿਤਨੇਮ ਦੀਆਂ ਬਾਣੀਆਂ ਦੇ ਡੂੰਘੇ ਗਿਆਨ ਨੂੰ ਇਸਦੇ ਭਾਵ ਅਰਥਾਂ ਰਾਹੀਂ ਪਾਠਕਾਂ ਤੱਕ ਪਹੁੰਚਾਉਣ ਦਾ ਯਤਨ ਕੀਤਾ ਗਿਆ ਹੈ। ਡਾ. ਪਰਿਤ ਪਾਲ ਸਿੰਘ, ਵਾਈਸ-ਚਾਂਸਲਰ ਨੇ ਕਿਹਾ ਕਿ ਯੂਨੀਵਰਸਿਟੀ ਗੁਰਮਤਿ ਸਿਧਾਂਤਾਂ ਦੇ ਪ੍ਰਚਾਰ ਅਤੇ ਪਸਾਰ ਲਈ ਹਮੇਸ਼ਾਂ ਤੱਤਪਰ ਰਹਿੰਦੀ ਹੈ। ਉਨ੍ਹਾਂ ਨੇ ਇਹੋ ਜਿਹੇ ਕਾਰਜਾਂ ਲਈ ਨਿਰੰਤਰ ਉਤਸ਼ਾਹਿਤ ਕਰਨ ਲਈ ਯੂਨੀਵਸਿਟੀ ਦੇ ਚਾਂਸਲਰ ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਧੰਨਵਾਦ ਕੀਤਾ। ਉਨਾਂ ਦੱਸਿਆ ਕਿ ਯੂਨੀਵਸਿਟੀ ਸਿੱਖੀ ਦੇ ਸ਼ਾਨਾਮਤੇ ਇਤਿਹਾਸ, ਗੁਰੂ ਸਾਹਿਬਾਨ ਵਲੋਂ ਬਖ਼ਸੇ ਸਰਬੋਤਮ ਵਿਰਸੇ ਅਤੇ ਸਿਧਾਂਤਾਂ ਤੋਂ ਇਲਾਵਾ ਵਿਸ਼ਵ ਸ਼ਾਤੀ ਲਈ ਅੰਤਰ-ਧਰਮ ਸੰਵਾਦ ਜਿਹੇ ਵਿਸ਼ਿਆਂ ਨਾਲ ਸੰਬੰਧਤ ਯੂਨੀਵਸਿਟੀ ਜਰਨਲ ਵੀ ਨਿਯਮਿਤ ਤੋਰ ਤੇ ਪ੍ਰਕਾਸ਼ਿਤ ਕਰਦੀ ਰਹਿੰਦੀ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਵਧੀਕ ਸਕੱਤਰ ਇੰਜੀ: ਸੁਖਮਿੰਦਰ ਸਿੰਘ, ਡਾ. ਪਰਮਵੀਰ ਸਿੰਘ ਸਾਬਕਾ ਪ੍ਰੋਫੈਸਰ, ਪੰਜਾਬੀ ਯੂਨੀਵਰਸਿਟੀ ਤੋਂ ਇਲਾਵਾ, ਡਾ. ਹਰਦੇਵ ਸਿੰਘ, ਸਹਾਇਕ ਪ੍ਰੋਫੈਸਰ ਅਤੇ ਯੂਨੀਵਰਸਿਟੀ ਅਤੇ ਸ਼੍ਰੋਮਣੀ ਕਮੇਟੀ ਦੇ ਸਟਾਫ਼ ਮੈਂਬਰ ਵੀ ਹਾਜਰ ਸਨ।



ਧਰਮ ਪ੍ਰਚਾਰ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਪ੍ਰੀਤਪਾਲ ਸਿੰਘ ਦੇ ਸਹਿਯੋਗ ਨਾਲ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਫੀਲਡ ਗੰਜ, ਲੁਧਿਆਣਾ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਦੀਆਂ ਸ਼ਹਾਦਤਾਂ ਨੂੰ ਸਮਰਪਿਤ ਵਿਸ਼ੇਸ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿਚ ਸਪਰਿੰਗਡੇਲ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਗੁਰਬਾਣੀ ਕੀਰਤਨ ਕਰਨ ਦੇ ਨਾਲ ਸ਼ਹਾਦਤਾਂ ਸਬੰਧੀ ਭਾਸ਼ਣ ਤੇ ਕਵਿਤਾ ਰਾਹੀਂ ਸੰਗਤਾਂ ਨਾਲ ਸਾਂਝ ਪਾਈ। ਇਸ ਮੌਕੇ ਪ੍ਰਚਾਰਕ ਭਾਈ ਕੁਲਦੀਪ ਸਿੰਘ, ਭਾਈ ਅਜੀਤ ਸਿੰਘ ਤੇ ਭਾਈ ਬਲਵੰਤ ਸਿੰਘ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਭਾਈ ਰਾਜੋਆਣਾ ਸਬੰਧੀ ਸੁਪਰੀਮ ਕੋਰਟ ਤੱਕ ਪਹੁੰਚ ਕਰੇਗੀ -ਭਾਈ ਲੌਂਗੋਵਾਲ

## ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਭਾਈ ਰਾਜੋਆਣਾ ਦੀ ਭੈਣ ਕਮਲਦੀਪ ਕੌਰ ਨਾਲ ਕੀਤੀ ਮੁਲਾਕਾਤ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਪਰਿਵਾਰਕ ਮੈਂਬਰਾਂ ਨਾਲ ਮਿਲ ਕੇ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਕਿ ਸ਼੍ਰੋਮਣੀ ਕਮੇਟੀ ਭਾਈ ਰਾਜੋਆਣਾ ਦੀ ਸਜਾ ਮੁਆਫੀ ਲਈ ਹਰ ਪੱਧਰ 'ਤੇ ਪੈਰਵਾਈ ਕਰੇਗੀ। ਉਨ੍ਹਾਂ ਕਿਹਾ ਕਿ ਜਲਦ ਹੀ ਉਹ ਦੇਸ਼ ਦੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨਾਲ ਮੁਲਾਕਾਤ ਕਰ ਕੇ ਕੇਂਦਰ ਸਰਕਾਰ ਵੱਲੋਂ ਭਾਈ ਰਾਜੋਆਣਾ ਦੀ ਸਜਾ ਮੁਆਫੀ ਬਾਰੇ ਪਹਿਲਾਂ ਲਏ ਜਾ ਚੁੱਕੇ ਫੈਸਲੇ ਨੂੰ ਲਾਗੂ ਕਰਨ ਲਈ ਅਪੀਲ ਕਰਨਗੇ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਜੋ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਭੈਣ ਕਮਲਦੀਪ ਕੌਰ ਦੀ ਲੁਧਿਆਣਾ ਸਥਿਤ ਰਿਹਾਇਸ਼ 'ਤੇ ਪੁੱਜੇ ਸਨ, ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪਹਿਲਾਂ ਵੀ ਭਾਈ ਰਾਜੋਆਣਾ ਦੇ ਮਾਮਲੇ ਵਿਚ ਸੰਜੀਦਾ ਰੂਪ ਵਿਚ ਪੈਰਵਾਈ ਕਰਦੀ ਰਹੀ ਹੈ ਅਤੇ ਅੱਗੋਂ ਵੀ ਕਿਸੇ ਤਰ੍ਹਾਂ ਦੀ ਕਸਰ ਨਹੀਂ ਛੱਡੀ ਜਾਵੇਗੀ। ਉਨ੍ਹਾਂ ਆਖਿਆ ਕਿ ਕੇਂਦਰ ਸਰਕਾਰ ਵੱਲੋਂ ਭਾਈ ਰਾਜੋਆਣਾ ਮਾਮਲੇ ਵਿਚ ਆਪਣੇ ਫੈਸਲੇ ਤੋਂ ਬਦਲ ਜਾਣਾ ਹੈਰਾਨੀਜਨਕ ਹੈ, ਜਦਕਿ ਸਜਾ ਮੁਆਫੀ ਵਾਲੀ ਸੂਚੀ ਵਿਚ ਭਾਈ ਰਾਜੋਆਣਾ ਦਾ ਨਾਂ ਸ਼ਾਮਲ ਸੀ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੇ ਫੈਸਲੇ ਨੂੰ ਅਮਲ ਵਿਚ ਲਿਆਉਣ ਲਈ ਗ੍ਰਹਿ ਮੰਤਰੀ ਨੂੰ ਮਿਲਿਆ ਜਾਵੇਗਾ। ਜੇਕਰ ਫਿਰ ਵੀ ਮਾਮਲਾ ਹੱਲ ਨਾ ਹੋਇਆ ਤਾਂ ਸ਼੍ਰੋਮਣੀ ਕਮੇਟੀ ਸੁਪਰੀਮ ਕੋਰਟ ਵਿਚ ਪਟੀਸ਼ਨ ਦਾਇਰ ਕਰੇਗੀ। ਉਨ੍ਹਾਂ ਆਖਿਆ ਕਿ ਕਾਨੂੰਨੀ ਲੜਾਈ ਲਈ ਦੇਸ਼ ਦੇ ਵੱਡੇ ਵਕੀਲਾਂ ਦੀਆਂ ਸੇਵਾਵਾਂ ਲਈਆਂ ਜਾਣਗੀਆਂ ਅਤੇ ਭਾਈ ਰਾਜੋਆਣਾ ਦੇ ਪਰਿਵਾਰਕ ਮੈਂਬਰਾਂ ਦੀ ਸਲਾਹ ਨਾਲ ਹਰ ਪੱਧਰ 'ਤੇ ਕਾਰਵਾਈ ਅੱਗੇ ਵਧਾਈ ਜਾਵੇਗੀ। ਇਸ ਦੌਰਾਨ ਉਨ੍ਹਾਂ ਭਾਈ ਰਾਜੋਆਣਾ ਵੱਲੋਂ ਭੁੱਖ ਹੜਤਾਲ ਦਾ ਫੈਸਲਾ ਵਾਪਿਸ ਲੈਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਉਹ ਖੁਦ ਭਾਈ ਰਾਜੋਆਣਾ ਨਾਲ 11 ਜਨਵਰੀ ਤੋਂ ਪਹਿਲਾਂ ਪਹਿਲਾਂ ਮੁਲਾਕਾਤ ਵੀ ਕਰਨਗੇ। ਉਨ੍ਹਾਂ ਆਖਿਆ ਕਿ ਸ਼੍ਰੋਮਣੀ ਕਮੇਟੀ ਕੌਮੀ ਮਸਲਿਆਂ ਦੀ ਤਰਜਮਾਨੀ ਲਈ ਵਚਨਬੱਧ ਹੈ ਅਤੇ ਹਮੇਸ਼ਾ ਰਹੇਗੀ। ਇਸ ਦੌਰਾਨ ਭਾਈ ਰਾਜੋਆਣਾ ਦੀ ਭੈਣ ਕਮਲਦੀਪ ਕੌਰ ਨੇ ਕਿਹਾ ਕਿ ਉਹ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਵੱਲੋਂ ਉਨ੍ਹਾਂ ਦੀ ਸਾਰ ਲੈਣ ਪੁੱਜਣ 'ਤੇ ਧੰਨਵਾਦੀ ਹਨ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਜੂਨੀਅਰ ਮੀਤ ਪ੍ਰਧਾਨ ਸ. ਗੁਰਬਖਸ਼ ਸਿੰਘ ਖਾਲਸਾ, ਸ. ਉਦੈ ਸਿੰਘ ਲੌਂਗੋਵਾਲ, ਗੁਰਦੁਆਰਾ ਸ੍ਰੀ ਮੰਜੀ ਸਾਹਿਬ ਆਲਮਗੀਰ ਦੇ ਮੈਨੇਜਰ ਸ. ਰੇਸ਼ਮ ਸਿੰਘ, ਬੀਬੀ ਕਮਲਦੀਪ ਕੌਰ ਦੇ ਪਤੀ ਸ. ਬਲਜੀਤ ਸਿੰਘ, ਸ. ਕੁਲਜੀਤ ਸਿੰਘ ਧੰਜਲ, ਸ. ਦਰਸ਼ਨ ਸਿੰਘ ਪੀਏ ਅਤੇ ਹੋਰ ਮੌਜੂਦ ਸਨ।

# ਮੱਧ ਪ੍ਰਦੇਸ਼ 'ਚ ਬੇਘਰ ਕੀਤੇ ਸਿੱਖਾਂ ਲਈ ਸ਼੍ਰੋਮਣੀ ਕਮੇਟੀ ਵੱਲੋਂ 50-50 ਹਜ਼ਾਰ ਰੁਪਏ ਦੀ ਸਹਾਇਤਾ ਦਾ ਐਲਾਨ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੱਧ ਪ੍ਰਦੇਸ਼ ਦੇ ਬੇਘਰ ਕੀਤੇ ਗਏ ਸਿੱਖ ਪਰਿਵਾਰਾਂ ਦੀ ਮੱਦਦ ਲਈ 50-50 ਹਜ਼ਾਰ ਰੁਪਏ ਦੇਣ ਦਾ ਐਲਾਨ ਕੀਤਾ ਗਿਆ ਹੈ। ਸਥਾਨਕ ਪ੍ਰਕਾਸ਼ਨ ਵੱਲੋਂ ਜਿਨ੍ਹਾਂ ਸਿੱਖ ਪਰਿਵਾਰਾਂ ਦੇ ਘਰ ਢਾਹ ਦਿੱਤੇ ਗਏ ਸਨ, ਉਨ੍ਹਾਂ ਨੂੰ ਇਹ ਸਹਾਇਤਾ ਦਿੱਤੀ ਜਾਵੇਗੀ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਗਠਿਤ ਕੀਤੀ ਗਈ ਸਬ-ਕਮੇਟੀ ਨੇ ਮੱਧ ਪ੍ਰਦੇਸ਼ ਦੇ ਪੀੜਤ ਸਿੱਖਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਹਰ ਤਰ੍ਹਾਂ ਦੀ ਮੱਦਦ ਦਾ ਭਰੋਸਾ ਦਿੱਤਾ। ਸ਼੍ਰੋਮਣੀ ਕਮੇਟੀ ਦੇ ਵਫ਼ਦ ਜਿਸ ਵਿਚ ਅੰਤ੍ਰਿੰਗ ਕਮੇਟੀ ਮੈਂਬਰ ਸ. ਇੰਦਰਮੋਹਨ ਸਿੰਘ ਲਖਮੀਰ ਵਾਲਾ, ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਅਤੇ ਮੀਤ ਸਕੱਤਰ ਸ. ਤੇਜਿੰਦਰ ਸਿੰਘ ਪੱਡਾ ਸ਼ਾਮਲ ਹਨ, ਨੇ ਮੱਧ ਪ੍ਰਦੇਸ਼ ਸ਼ਿਵਪੁਰੀ ਅਤੇ ਕਰਾਹਲ ਦੇ ਗੁਰਦੁਆਰਾ ਸਾਹਿਬਾਨ ਵਿਖੇ ਸਿੱਖਾਂ ਨਾਲ ਗੱਲਬਾਤ ਕੀਤੀ। ਇਸ ਦੌਰਾਨ ਵਫ਼ਦ ਮੈਂਬਰਾਂ ਨੇ ਭਾਈ ਲੌਂਗੋਵਾਲ ਨਾਲ ਫੋਨ 'ਤੇ ਗੱਲਬਾਤ ਕਰਕੇ ਜਿਨ੍ਹਾਂ ਦੇ ਘਰ ਢਾਹੇ ਗਏ ਸਨ, ਉਨ੍ਹਾਂ ਲਈ 50-50 ਹਜ਼ਾਰ ਰੁਪਏ ਦੇ ਸਹਾਇਤਾ ਕਰਨ ਦਾ ਐਲਾਨ ਕੀਤਾ। ਕਰਾਹਲ ਦੇ ਗੁਰਦੁਆਰਾ ਸਾਹਿਬ ਵਿਖੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਾਮਲ ਹੋ ਕੇ ਸ਼੍ਰੋਮਣੀ ਕਮੇਟੀ ਦੇ ਵਫ਼ਦ ਮੈਂਬਰਾਂ ਨੂੰ ਸਾਰੀ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਦੀ ਸਾਰ ਲੈਣ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਦਾ ਧੰਨਵਾਦ ਕੀਤਾ। ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਦੱਸਿਆ ਕਿ 12 ਦੇ ਕਰੀਬ ਸਿੱਖਾਂ ਦੇ ਘਰ ਢਾਹੇ ਗਏ ਹਨ। ਉਨ੍ਹਾਂ ਦੱਸਿਆ ਕਿ ਇਹ 40 ਸਾਲਾਂ ਤੋਂ ਇਥੇ ਰਹਿ ਰਹੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਛਉਪਰ ਦੀ ਤਹਿਸੀਲ ਕਰਾਹਲ ਦੇ ਵੱਖ-ਵੱਖ ਪਿੰਡਾਂ ਵਿੱਚੋਂ ਸਿੱਖਾਂ ਨੂੰ ਉਜਾੜਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਨੇ ਸਿੱਖਾਂ ਦੀ ਕੋਈ ਗੱਲ ਨਹੀਂ ਸੁਣੀ ਅਤੇ ਅਰਸੇ ਤੋਂ ਰਹਿ ਰਹੇ ਲੋਕਾਂ ਨੂੰ ਬੇਘਰ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਵਫ਼ਦ ਨੇ ਸਥਾਨਕ ਐਸ.ਪੀ. ਅਤੇ ਤਹਿਸੀਲਦਾਰ ਨਾਲ ਵੀ ਮੁਲਾਕਾਤ ਕੀਤੀ ਹੈ।

ਭਾਈ ਗਰੇਵਾਲ ਅਨੁਸਾਰ ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਵੀ ਕੀਤਾ ਹੈ। ਉਨ੍ਹਾਂ ਕਿਹਾ ਕਿ ਸਿੱਖ ਬੇਹੱਦ ਪ੍ਰੇਸ਼ਾਨੀ ਦੇ ਆਲਮ ਵਿਚ ਹਨ ਅਤੇ ਉਨ੍ਹਾਂ ਅੰਦਰ ਉਥੋਂ ਦੀ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਿੱਖਾਂ ਦੀ ਮੱਦਦ ਲਈ ਬਾਬਾ ਤੇਗਾ ਸਿੰਘ ਕਾਰਸੇਵਾ ਵਾਲੇ ਵੀ ਉਚੇਚੇ ਯਤਨ ਕਰ ਰਹੇ ਹਨ, ਜਿਨ੍ਹਾਂ ਨੇ ਸ਼੍ਰੋਮਣੀ ਕਮੇਟੀ ਨੂੰ ਪੀੜਤ ਇਲਾਕਿਆਂ ਤੱਕ ਲਿਜਾਣ ਵਿਚ ਸਹਾਇਤਾ ਕੀਤੀ। ਇਸ ਮੌਕੇ ਸਥਾਨਕ ਸਿੱਖ ਆਗੂਆਂ ਵਿੱਚੋਂ ਸ. ਸੁਰਿੰਦਰ ਸਿੰਘ ਬਿੱਟੂ, ਸ. ਕੇਸਰ ਸਿੰਘ, ਸ. ਬਿੱਕਰ ਸਿੰਘ, ਸ. ਨਰਿੰਦਰ ਸਿੰਘ ਬਾਂਸਖੇੜੀ, ਸ. ਮਹਿੰਦਰ ਸਿੰਘ, ਸ. ਕੁਲਵੰਤ ਸਿੰਘ ਬਾਜਵਾ ਆਦਿ ਵੀ ਮੌਜੂਦ ਸਨ।



ਹਲਕਾ ਅਮਰਗੜ੍ਹ ਦੇ ਪਿੰਡ ਦਰੋਗੇਵਾਲ ਵਿਖੇ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਮਤਿ ਕੈਂਪ ਲਗਾਇਆ ਗਿਆ। ਇਸ ਕੈਂਪ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਸੁਖਵੀਰ ਸਿੰਘ ਫਲੌਂਡ ਤੇ ਭਾਈ ਚਰਨਪ੍ਰੀਤ ਸਿੰਘ ਮਾਹੋਰਾਣਾ ਨੇ ਬੱਚਿਆਂ ਨੂੰ ਗੁਰਮਤਿ ਦੀ ਜਾਣਕਾਰੀ ਦਿੱਤੀ। ਇਸ ਸਮੇਂ ਬੱਚਿਆਂ ਨਾਲ ਸਵਾਲ ਜਵਾਬ ਕਰਨ ਦੇ ਨਾਲ ਦਸਤਾਰ ਮੁਕਾਬਲੇ ਵੀ ਕਰਵਾਏ ਗਏ। ਸਮਾਪਤੀ ਸਮੇਂ ਮੁਕਾਬਲੇ ਦੇ ਜੇਤੂ ਬੱਚਿਆਂ ਨੂੰ ਪ੍ਰਬੰਧਕਾਂ ਵੱਲੋਂ ਸਨਮਾਨਿਤ ਕੀਤਾ ਗਿਆ।

# ਕਿਸੇ ਵੀ ਦੇਸ਼ ਅੰਦਰ ਨਾਗਰਿਕਾਂ ਦੀ ਸੁਰੱਖਿਆ ਸਰਕਾਰਾਂ ਦਾ ਮੁੱਢਲਾ ਫ਼ਰਜ਼- ਭਾਈ ਲੌਂਗੋਵਾਲ

ਅੰਮ੍ਰਿਤਸਰ- ਅਮਰੀਕਾ ਦੇ ਕੈਲੀਫੋਰਨੀਆ ਵਿਚ ਇਕ ਸਿੱਖ ਟੈਕਸੀ ਡਰਾਈਵਰ ਦੀ ਕੁੱਟ-ਮਾਰ ਕਰਨ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੰਦਭਾਗਾ ਕਰਾਰ ਦਿੱਤਾ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਇਕ ਪ੍ਰੈੱਸ ਬਿਆਨ 'ਚ ਆਖਿਆ ਕਿ ਵਿਦੇਸ਼ਾਂ ਅੰਦਰ ਸਿੱਖਾਂ 'ਤੇ ਹੋ ਰਹੇ ਅਜਿਹੇ ਹਮਲੇ ਗਹਿਰੀ ਚਿੰਤਾ ਦਾ ਵਿਸ਼ਾ ਹਨ। ਉਨ੍ਹਾਂ ਆਖਿਆ ਖ਼ਾਸਕਰ ਅਮਰੀਕਾ ਅੰਦਰ ਸਿੱਖਾਂ ਸਮੇਤ ਘੱਟਗਿਣਤੀਆਂ 'ਤੇ ਹਮਲਿਆਂ ਦਾ ਚਲਣ ਰੁਕਣ ਦਾ ਨਾਂ ਨਹੀਂ ਲੈ ਰਿਹਾ। ਬਲਜੀਤ ਸਿੰਘ ਨਾਂ ਦੇ ਟੈਕਸੀ ਡਰਾਈਵਰ 'ਤੇ ਹੋਏ ਇਸ ਹਮਲੇ ਤੋਂ ਪਹਿਲਾਂ ਵੀ ਬੀਤੇ ਹਫ਼ਤੇ ਅਮਰੀਕਾ ਦੇ ਹੀ ਸ਼ਹਿਰ ਬੇਲਿੰਗਹੇਮ 'ਚ ਵੀ ਇਕ ਸਿੱਖ ਡਰਾਈਵਰ ਨੂੰ ਨਫ਼ਰਤੀ ਹਮਲੇ ਦਾ ਸ਼ਿਕਾਰ ਬਣਾਇਆ ਗਿਆ ਸੀ। ਅਜਿਹੇ ਹਮਲਿਆਂ ਨਾਲ ਵਿਦੇਸ਼ਾਂ ਅੰਦਰ ਵੱਸਦੇ ਸਿੱਖਾਂ ਵਿਚ ਸਹਿਮ ਵੱਧ ਰਿਹਾ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਭਾਰਤ ਸਰਕਾਰ ਨੂੰ ਇਸ ਮੰਦਭਾਗੇ ਵਰਤਾਰੇ ਨੂੰ ਰੋਕਣ ਲਈ ਵਿਦੇਸ਼ਾਂ ਦੀਆਂ ਸਰਕਾਰਾਂ ਤੱਕ ਪਹੁੰਚ ਕਰਨੀ ਚਾਹੀਦੀ ਹੈ। ਇਸ ਦੇ ਨਾਲ ਹੀ ਵਿਦੇਸ਼ਾਂ ਦੇ ਸਿੱਖ ਆਗੂ ਅਤੇ ਗੁਰਦੁਆਰਾ ਕਮੇਟੀਆਂ ਵੀ ਉਥੋਂ ਦੀਆਂ ਸਰਕਾਰਾਂ ਨਾਲ ਸਿੱਖਾਂ 'ਤੇ ਹੁੰਦੇ ਨਸਲੀ ਹਮਲੇ ਰੋਕਣ ਲਈ ਗੱਲਬਾਤ ਕਰਨ। ਭਾਈ ਲੌਂਗੋਵਾਲ ਨੇ ਕਿਹਾ ਕਿ ਵਿਦੇਸ਼ਾਂ ਦੀ ਤਰੱਕੀ ਵਿੱਚੋਂ ਸਿੱਖਾਂ ਦੇ ਯੋਗਦਾਨ ਨੂੰ ਮਨਫ਼ੀ ਨਹੀਂ ਕੀਤਾ ਸਕਦਾ। ਪਰੰਤੂ ਜਦੋਂ ਸਿੱਖਾਂ 'ਤੇ ਨਸਲੀ ਹਮਲੇ ਹੁੰਦੇ ਹਨ ਤਾਂ ਸਿੱਖਾਂ ਦੇ ਮਨਾਂ ਨੂੰ ਠੇਸ ਪੁੱਜਦੀ ਹੈ।

ਉਨ੍ਹਾਂ ਆਖਿਆ ਕਿ ਕਿਸੇ ਵੀ ਦੇਸ਼ ਅੰਦਰ ਘੱਟਗਿਣਤੀਆਂ ਨੂੰ ਦਬਾਉਣ ਠੀਕ ਨਹੀਂ। ਹਰ ਦੇਸ਼ ਦੀ ਸਰਕਾਰ ਦਾ ਮੁੱਢਲਾ ਫ਼ਰਜ਼ ਹੈ ਕਿ ਆਪਣੇ ਦੇਸ਼ ਵਿਚ ਵੱਸਦੇ ਹਰ ਧਰਮ ਦੇ ਲੋਕਾਂ ਦੀ ਸੁਰੱਖਿਆਂ ਨੂੰ ਯਕੀਨੀ ਬਣਾਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਅਮਰੀਕਾ ਵਰਗੇ ਅਗਾਂਹਵਧੂ ਦੇਸ਼ ਨੂੰ ਕਿਸੇ ਵੀ ਕੌਮ 'ਤੇ ਹੁੰਦੇ ਨਸਲੀ ਹਮਲਿਆਂ ਨੂੰ ਸੰਜੀਦਗੀ ਨਾਲ ਲੈਣਾ ਚਾਹੀਦਾ ਹੈ ਅਤੇ ਅਜਿਹਾ ਕਰਨ ਵਾਲੇ ਲੋਕਾਂ 'ਤੇ ਲਗਾਮ ਕੱਸਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਅਜਿਹਾ ਕਰਦਾ ਹੈ ਤਾਂ ਉਸ ਨੂੰ ਅਜਿਹੀ ਮਿਸਾਲੀ ਸਜ਼ਾ ਦਿੱਤੀ ਜਾਵੇ, ਜਿਸ ਨਾਲ ਕਿਸੇ ਅੰਦਰ ਵੀ ਅਜਿਹਾ ਘਿਨੌਣਾ ਕਾਰਨਾਮਾ ਕਰਨ ਦੀ ਹਿੰਮਤ ਨਾ ਪਵੇ।

# ਮਾਹਿਲਪੁਰ ਵਿਖੇ ਤਿੰਨ ਦਿਨਾ ਗੁਰਮਤਿ ਸਿਖਲਾਈ ਕੈਂਪ ਲਗਾਇਆ



ਮਾਹਿਲਪੁਰ -ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਸੇਵਾ ਸੁਸਾਇਟੀ ਮਾਹਿਲਪੁਰ ਤੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਮਾਹਿਲਪੁਰ ਦੇ ਸਹਿਯੋਗ ਨਾਲ ਮਾਤਾ ਗੁਜਰ ਕੌਰ ਅਤੇ ਚਾਰ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਗੁਰਦੁਆਰਾ ਸ਼ਹੀਦਾਂ ਲੱਧੇਵਾਲ ਵਿਖੇ ਤਿੰਨ ਦਿਨਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਇਸ ਗੁਰਮਤਿ ਸਿਖਲਾਈ ਕੈਂਪ ਦੇ ਸਮਾਪਤੀ ਸਮਾਗਮ ਵਿਚ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਰਣਜੀਤ ਕੌਰ ਵਿਸ਼ੇਸ ਤੌਰ ਤੇ ਪਹੁੰਚੇ। ਇਸ ਸਮੇਂ ਸ. ਹਰਸਿਮਰਨ ਸਿੰਘ ਤੇ ਪ੍ਰੋ: ਅਮਰਜੀਤ ਸਿੰਘ ਫਤਹਿਗੜ੍ਹ ਸਾਹਿਬ ਨੇ ਸਕੂਲੀ ਬੱਚਿਆਂ ਨੂੰ ਗੁਰਮਤਿ ਸਿਧਾਤਾਂ ਤੇ ਗੁਰ ਇਤਿਹਾਸ ਬਾਰੇ ਜਾਣੂ ਕਰਵਾਉਂਦੇ ਹੋਏ ਮਾਤਾ ਗੁਜਰ ਕੌਰ ਤੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਜੀਵਨ 'ਤੇ ਚਾਨਣਾ ਪਾਇਆ। ਇਸ ਦੌਰਾਨ ਬੱਚਿਆ ਦੇ ਕੁਇਜ਼ ਤੇ ਸਕੈਚ ਮੁਕਾਬਲੇ ਕਰਵਾਏ ਗਏ। ਸਮਾਪਤੀ ਸਮੇਂ ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਸਮੇਤ ਸਕੂਲ ਅਧਿਆਪਕ ਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰੋ: ਅਪਿੰਦਰ ਸਿੰਘ ਸਰਕਲ ਪ੍ਰਧਾਨ, ਜਥੇਦਾਰ ਹਰਬੰਸ ਸਿੰਘ ਸਰਹਾਲਾ ਖੁਰਦ, ਸ. ਅਵਤਾਰ ਸਿੰਘ ਮੈਨੇਜਰ, ਹੈੱਡ ਗ੍ਰੰਥੀ ਭਾਈ ਹਰਬੰਸ ਸਿੰਘ, ਸ. ਰਣਵੀਰ ਸਿੰਘ, ਸ. ਸਤਨਾਮ ਸਿੰਘ ਨੰਗਲ ਚੋਰਾਂ, ਸ. ਬਲਜੀਤ ਸਿੰਘ ਬੱਲੀ, ਗ੍ਰੰਥੀ ਭਾਈ ਗੁਰਜਿੰਦਰ ਸਿੰਘ, ਸ. ਅਮਰੀਕ ਸਿੰਘ, ਸ. ਸੁਰਿੰਦਰ ਕੌਰ ਖਾਲਸਾ, ਸ. ਜਸਵੀਰ ਕੌਰ, ਮਾਸਟਰ ਬਲਵੀਰ ਸਿੰਘ, ਸ. ਹਰਪ੍ਰੀਤ ਸਿੰਘ, ਸ. ਦਲਜੀਤ ਸਿੰਘ, ਡਾ. ਜਤਿੰਦਰ ਸਿੰਘ, ਸ. ਹਰਦੀਪ ਸਿੰਘ ਬਾਹੋਵਾਲ, ਸ. ਜਸਕਰਨ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

# ਮਹੀਨਾ ਪੋਹ-ਮਾਘ (ਜਨਵਰੀ) ਦੇ ਇਤਿਹਾਸਕ ਦਿਹਾੜੇ

| | |
|---|---|
| 1 ਜਨਵਰੀ | ਕਿਰਪਾਨ ਦੇ ਮੁੱਦੇ 'ਤੇ ਸਿੱਖਾਂ ਦੇ ਪਹਿਲੇ ਜੱਥੇ ਨੇ ਗ੍ਰਿਫ਼ਤਾਰੀ ਦਿੱਤੀ। (1-1-1936) |
| 6 ਜਨਵਰੀ | ਸ਼ਹੀਦ ਭਾਈ ਸਤਵੰਤ ਸਿੰਘ ਤੇ ਭਾਈ ਕੇਹਰ ਸਿੰਘ ਨੂੰ ਇੰਦਰਾ ਗਾਂਧੀ ਕਤਲ-ਕਾਂਡ ਵਿਚ ਫਾਂਸੀ ਦਿੱਤੀ ਗਈ, ਫਾਂਸੀ ਤੋਂ ਬਾਅਦ ਇਨ੍ਹਾਂ ਸ਼ਹੀਦਾਂ ਦੀਆਂ ਲਾਸ਼ਾਂ ਦਾ ਸਸਕਾਰ ਜੇਲ੍ਹ ਦੇ ਅੰਦਰ ਹੀ ਕਰ ਦਿੱਤਾ ਗਿਆ ਅਤੇ ਇਸ ਸਾਰੀ ਕਾਰਵਾਈ ਦੌਰਾਨ ਸਾਰੇ ਪੰਜਾਬ ਵਿਚ ਕਰਫਿਊ ਲਗਾਇਆ ਗਿਆ। (6-1-1989) |
| 7 ਜਨਵਰੀ | ਸ਼੍ਰੋਮਣੀ ਕਮੇਟੀ ਦੀ ਨਵੀਂ ਅੰਤ੍ਰਿੰਗ ਕਮੇਟੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਤੇ ਸ਼੍ਰੋਮਣੀ ਕਮੇਟੀ ਨੇ ਗੁਰਦੁਆਰਾ ਗੰਗਸਰ ਜੈਤੋ ਦੇ ਮੋਰਚੇ 'ਤੇ ਸ਼ਹੀਦੀ ਜਥੇ ਭੇਜਣ ਦਾ ਫੈਸਲਾ ਕੀਤਾ। (7-1-1924) |
| 9 ਜਨਵਰੀ | ਅੰਮ੍ਰਿਤਸਰ ਵਿਖੇ ਬੁੱਧੀਜੀਵੀਆਂ ਦੀ ਇਕ ਕਾਨਫ਼ਰੰਸ ਹੋਈ ਜਿਸ ਵਿਚ ਧਰਮ ਯੁੱਧ ਮੋਰਚੇ ਦੀ ਹਮਾਇਤ ਕੀਤੀ ਗਈ। (9-1-1983) |
| 11 ਜਨਵਰੀ | ਭਾਈ ਸਤਵੰਤ ਸਿੰਘ ਤੇ ਭਾਈ ਕੇਹਰ ਸਿੰਘ ਦੀ ਅੰਤਮ ਅਰਦਾਸ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਕੀਤੀ ਗਈ। (11-1-1989) |
| 12 ਜਨਵਰੀ | ਸਿੱਖਾਂ ਨੇ ਸ੍ਰੀ ਅਨੰਦਪੁਰ ਸਾਹਿਬ ਦੇ ਗੁਰਧਾਮਾਂ ਦਾ ਪ੍ਰਬੰਧ ਸੰਭਾਲਿਆ। (12-1-1923) |
| 13 ਜਨਵਰੀ | (ੳ) ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਆਗਮਨ ਪੁਰਬ ਸਮੇਂ ਜੰਮੂ ਵਿਖੇ ਸੰਗਤਾਂ ਵੱਲੋਂ ਕੱਢੇ ਜਾ ਰਹੇ ਇਕ ਨਗਰ ਕੀਰਤਨ 'ਤੇ ਹਿੰਦੂਆਂ ਨੇ ਹਮਲਾ ਕਰ ਦਿੱਤਾ। ਇਸ ਵਿੱਚ 9 ਸਿੱਖ ਸ਼ਹੀਦ ਹੋ ਗਏ। (13-1-1989)<br>(ਅ) ਸਿੱਖਾਂ ਅਤੇ ਅੰਗਰੇਜ਼ਾਂ ਦਰਮਿਆਨ ਚੇਲਿਆਂ ਵਾਲੀ ਦੇ ਸਥਾਨ 'ਤੇ ਇਕ ਮਹੱਤਵਪੂਰਨ ਲੜਾਈ ਹੋਈ ਜਿਸ ਵਿਚ ਅੰਗਰੇਜ਼ਾਂ ਦੇ 132 ਅਫਸਰ ਅਤੇ 2446 ਫ਼ੌਜੀ ਜਵਾਨ ਮਾਰੇ ਗਏ। ਏਨੇ ਜ਼ਿਆਦਾ ਫ਼ੌਜੀ ਜਾਨੀ ਨੁਕਸਾਨ ਤੋਂ ਚਿੜ੍ਹ ਖਾ ਕੇ ਅੰਗਰੇਜ਼ ਫ਼ੌਜ ਨੇ ਕਈ ਦਿਨ ਆਮ ਸਿੱਖਾਂ ਦਾ ਕਤਲੇਆਮ ਕੀਤਾ। ਇਹ ਘਟਨਾ ਆਪਣੇ ਆਪ ਨੂੰ ਸੱਭਿਅਕ ਅਖਵਾਉਣ ਵਾਲੇ ਅੰਗਰੇਜ਼ਾਂ ਦੀ ਦਰਿੰਦਗੀ ਦਾ ਇਕ ਨਮੂਨਾ ਸੀ, ਜਿਸ ਨੇ ਸਿੱਖਾਂ 'ਤੇ ਹੋਏ ਪਹਿਲੇ ਮੁਗ਼ਲੀਆ ਅੱਤਿਆਚਾਰਾਂ ਨੂੰ ਵੀ ਮਾਤ ਪਾ ਦਿੱਤੀ। (13-1-1849) |
| 14 ਜਨਵਰੀ | (ੳ) ਗੁਰਦੁਆਰਾ ਸ੍ਰੀ ਰਕਾਬ ਗੰਜ ਸਾਹਿਬ ਦਿੱਲੀ ਦੀ ਬਾਹਰਲੀ ਦੀਵਾਰ ਬ੍ਰਿਟਿਸ਼ ਸਰਕਾਰ ਨੇ ਢਾਹ ਦਿੱਤੀ। (14-1-1914)<br>(ਅ) ਪੰਜਾਬ ਵਿਚ ਜ਼ਿਲ੍ਹਾ ਪੱਧਰ 'ਤੇ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਹੋਣਾ ਸ਼ੁਰੂ ਹੋਇਆ। (14-1-1967)<br>(ੲ) ਫ਼ਾਜ਼ਿਲਕਾ ਤੇ ਅਬੋਹਰ ਦੇ ਇਲਾਕੇ ਪੰਜਾਬ ਵਿਚ ਰਹਿਣੇ ਚਾਹੀਦੇ ਹਨ ਜਾਂ ਹਰਿਆਣਾ ਨੂੰ ਦਿੱਤੇ ਜਾਣੇ ਚਾਹੀਦੇ ਹਨ, ਦੇ ਸੰਬੰਧ ਵਿਚ ਇਸ ਜ਼ੋਨ ਦੇ 54 ਪਿੰਡਾਂ ਦੀ ਰਾਇ ਸ਼ੁਮਾਰੀ ਕੀਤੀ ਗਈ। ਇਸ ਰਾਇ ਸ਼ੁਮਾਰੀ ਦੌਰਾਨ ਇਨ੍ਹਾਂ ਪਿੰਡਾਂ ਦੇ ਪੰਜਾਬੀ ਬੋਲਣ ਵਾਲੇ ਹਿੰਦੂਆਂ ਨੇ ਆਪਣੀ ਮਾਤ-ਭਾਸ਼ਾ ਹਿੰਦੀ ਲਿਖਵਾਈ ਤੇ ਇਸ ਦੇ ਬਾਵਜੂਦ ਵੀ ਅਖ਼ੀਰਲੇ ਸਮੇਂ ਕੰਦੂਖੇੜਾ ਪਿੰਡ ਦੀ ਰਾਇ ਸ਼ੁਮਾਰੀ ਤੋਂ ਇਹ ਦੋਵੇਂ ਇਲਾਕੇ ਹਰਿਆਣਾ ਵਿਚ ਜਾਣੋਂ ਬਚ ਗਏ। ਕੰਦੂਖੇੜਾ ਰਾਇ ਸ਼ੁਮਾਰੀ ਵਿਚ ਸ. ਪ੍ਰਕਾਸ਼ ਸਿੰਘ ਬਾਦਲ ਨੇ ਅਹਿਮ ਰੋਲ ਅਦਾ ਕੀਤਾ। (14-1-1986) |
| 16 ਜਨਵਰੀ | ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ। (16-1-1630) |
| 17 ਜਨਵਰੀ | ਸਰਕਾਰ ਨੇ ਗੁਰਦੁਆਰਾ ਸੈਂਟਰਲ ਬੋਰਡ ਦਾ ਨਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਜੋਂ ਪ੍ਰਵਾਨ ਕਰ ਲਿਆ। (17-1-1927) |
| 18 ਜਨਵਰੀ | ਮਹਾਰਾਜਾ ਰਣਜੀਤ ਸਿੰਘ ਦਾ ਛੋਟਾ ਸਪੁੱਤਰ ਸ. ਸ਼ੇਰ ਸਿੰਘ ਰਾਜ ਗੱਦੀ 'ਤੇ ਬੈਠਾ। (18-1-1841) |
| 19 ਜਨਵਰੀ | ਸਿੱਖਾਂ ਨੇ ਚਾਬੀਆਂ ਦਾ ਮੋਰਚਾ ਜਿੱਤਿਆ ਤੇ ਸਰਕਾਰ ਨੇ ਚਾਬੀਆਂ ਸਿੱਖਾਂ ਨੂੰ ਸੌਂਪੀਆਂ। (19-1-1922) |
| 22 ਜਨਵਰੀ | ਅਦਾਲਤ ਨੇ ਭਾਈ ਸਤਵੰਤ ਸਿੰਘ, ਭਾਈ ਕੇਹਰ ਸਿੰਘ ਅਤੇ ਭਾਈ ਬਲਬੀਰ ਸਿੰਘ ਨੂੰ ਇੰਦਰਾ ਗਾਂਧੀ ਕਤਲ ਕੇਸ 'ਚ ਮੌਤ ਦੀ ਸਜ਼ਾ ਸੁਣਾਈ। (22-1-1986) |
| 24 ਜਨਵਰੀ | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 129 ਮੈਂਬਰਾਂ ਅਤੇ ਇਕ ਲੱਖ ਸਿੱਖਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜਾਬੀ ਸੂਬੇ ਦੀ ਪ੍ਰਾਪਤੀ ਲਈ ਜਾਨਾਂ ਵਾਰਨ ਦਾ ਪ੍ਰਣ ਕੀਤਾ। (24-1-1960) |
| 25 ਜਨਵਰੀ | ਸਿੱਖਾਂ ਦਾ ਇਕ ਜਥਾ ਤਰਨ ਤਾਰਨ ਵਿਖੇ ਪੁੱਜਾ ਅਤੇ ਮਹੰਤ ਦੇ ਕਿਰਾਏ ਦੇ ਬੰਦਿਆਂ ਨੇ ਸਿੱਖਾਂ 'ਤੇ ਹਮਲਾ ਕਰ ਦਿੱਤਾ ਅਤੇ ਜਿਸ ਨਾਲ ਭਾਈ ਹਜ਼ਾਰਾ ਸਿੰਘ, ਭਾਈ ਹੁਕਮ ਸਿੰਘ ਅਤੇ ਕਈ ਹੋਰ ਸਿੰਘ ਸਖ਼ਤ ਜ਼ਖ਼ਮੀ ਹੋਏ। (25-1-1921) |
| 26 ਜਨਵਰੀ | ਬਾਬਾ ਦੀਪ ਸਿੰਘ ਜੀ ਦਾ ਜਨਮ ਭਾਈ ਭਗਤ ਸਿੰਘ ਦੇ ਗ੍ਰਹਿ ਮਾਤਾ ਜਿਊਣੀ ਜੀ ਦੀ ਕੁੱਖੋਂ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਪਹੂਵਿੰਡ ਵਿਖੇ ਹੋਇਆ। (26-1-1682) |
| 30 ਜਨਵਰੀ | ਭਾਈ ਹਕੀਕਤ ਰਾਏ ਨੂੰ ਸ਼ਹੀਦ ਕੀਤਾ ਗਿਆ। (30-1-1742) |
| 31 ਜਨਵਰੀ | ਸਿੱਖਾਂ ਦੇ ਧਾਰਮਿਕ ਚਿੰਨ੍ਹ ਕ੍ਰਿਪਾਨ 'ਤੇ ਲੱਗੀ ਪਾਬੰਦੀ ਵਾਪਸ ਲਈ ਗਈ ਅਤੇ ਇਕ ਨੋਟੀਫਿਕੇਸ਼ਨ ਰਾਹੀਂ ਐਲਾਨ ਕੀਤਾ ਗਿਆ ਕਿ ਕ੍ਰਿਪਾਨ ਹਥਿਆਰ ਨਹੀਂ ਹੈ। (31-1-1936) |

ਸਿੱਖ ਰਹਿਤ ਮਰਯਾਦਾ ਹਰੇਕ ਸਿੱਖ ਦੇ ਜੀਵਨ ਲਈ ਅਤੀ ਜ਼ਰੂਰੀ ਹੈ। ਸਿੱਖ ਰਹਿਤ ਮਰਯਾਦਾ ਅੰਦਰ ਸਾਡੇ ਜੀਵਨ ਦੇ ਹਰ ਕਾਰਜ ਨੂੰ ਕਰਨ ਲਈ ਨਿਯਮ ਬਣਾਏ ਗਏ ਹਨ। ਸਿੱਖ ਨੇ ਜਨਮ ਤੋਂ ਲੈ ਕੇ ਮੌਤ ਤਕ ਦੇ ਸਾਰੇ ਕਾਰ-ਵਿਹਾਰ ਇਸੇ ਅਨੁਸਾਰ ਹੀ ਕਰਨੇ ਹਨ। ਹਰ ਸਿੱਖ ਲਈ ਜ਼ਰੂਰੀ ਹੈ ਕਿ ਉਹ ਸਿੱਖ ਰਹਿਤ ਮਰਯਾਦਾ ਤੋਂ ਜਾਣੂੰ ਹੋਵੇ। ਅਸੀਂ 'ਸੇਵਾ ਸਰਗਮੀਆਂ' ਦੇ ਇਸ ਅੰਕ ਤੋਂ ਸਿੱਖ ਰਹਿਤ ਮਰਯਾਦਾ ਨੂੰ ਲੜੀਵਾਰ ਛਾਪ ਰਹੇ ਹਾਂ ਤਾਂ ਕਿ ਵੱਧ ਤੋਂ ਵੱਧ ਸੰਗਤਾਂ ਇਸ ਤੋਂ ਜਾਣੂੰ ਹੋ ਸਕਣ।

-ਮੁੱਖ ਸੰਪਾਦਕ

*ਲੜੀ ਜੋੜਨ ਲਈ ਪਿਛਲਾ ਅੰਕ ਦੇਖੋ*

ੴ ਸਤਿਗੁਰ ਪ੍ਰਸਾਦਿ॥

# ਸਿੱਖ ਰਹਿਤ ਮਰਯਾਦਾ

ਇਹ ਚਾਰ ਕੁਰਹਿਤਾਂ ਨਹੀਂ ਕਰਨੀਆਂ :-

੧) ਕੇਸਾਂ ਦੀ ਬੇ-ਅਦਬੀ।

੨) ਕੁੱਠਾ[1] ਖਾਣਾ।

੩) ਪਰ-ਇਸਤ੍ਰੀ ਜਾਂ ਪਰ-ਪੁਰਸ਼ ਦਾ ਗਮਨ (ਭੋਗਣਾ)।

੪) ਤਮਾਕੂ ਦਾ ਵਰਤਣਾ।

ਇਨ੍ਹਾਂ ਵਿਚੋਂ ਕੋਈ ਕੁਰਹਿਤ ਹੋ ਜਾਵੇ ਤਾਂ ਮੁੜ ਕੇ ਅੰਮ੍ਰਿਤ ਛਕਣਾ ਪਏਗਾ। ਆਪਣੀ ਇੱਛਾ ਵਿਰੁੱਧ ਅਨਭੋਲ ਹੀ ਕੋਈ ਕੁਰਹਿਤ ਹੋ ਜਾਵੇ ਤਾਂ ਕੋਈ ਦੰਡ ਨਹੀਂ। ਸਿਰਗੁੰਮ[2] ਨੜੀ ਮਾਰ (ਜੋ ਸਿੱਖ ਹੋ ਕੇ ਇਹ ਕੰਮ ਕਰਨ) ਦਾ ਸੰਗ ਨਹੀਂ ਕਰਨਾ। ਪੰਥ ਸੇਵਾ ਅਤੇ ਗੁਰਦੁਆਰਿਆਂ ਦੀ ਟਹਿਲ ਵਿਚ ਤਤਪਰ ਰਹਿਣਾ, ਆਪਣੀ ਕਮਾਈ ਵਿਚੋਂ ਗੁਰੂ ਕਾ ਦਸਵੰਧ ਦੇਣਾ ਆਦਿ ਸਾਰੇ ਕੰਮ ਗੁਰਮਤਿ ਅਨੁਸਾਰ ਕਰਨੇ। ਖਾਲਸਾ ਧਰਮ ਦੇ ਨਿਯਮਾਂ ਅਨੁਸਾਰ ਅਨੁਸਾਰ ਜਥੇਬੰਦੀ ਵਿਚ ਇਕ ਸੂਤ ਪਰੋਏ ਰਹਿਣਾ, ਰਹਿਤ ਵਿਚ ਕੋਈ ਭੁੱਲ ਹੋ ਜਾਵੇ ਤਾਂ ਖਾਲਸੇ ਦੇ ਦੀਵਾਨ ਵਿਚ ਹਾਜ਼ਰ ਹੋ ਕੇ ਬੇਨਤੀ ਕਰ ਕੇ ਤਨਖਾਹ ਬਖਸ਼ਾਉਣੀ। ਅੱਗੇ ਲਈ ਸਾਵਧਾਨ ਰਹਿਣਾ।

(ਠ) ੧. ਮੀਣੇ[3], ਮਸੰਦ, ਧੀਰਮੱਲੀਏ, ਰਾਮਰਾਈਏ, ਆਦਿਕ ਪੰਥ ਵਿਰੋਧੀਆਂ ਨਾਲ ਜਾਂ ਨੜੀ ਮਾਰ, ਕੁੜੀ ਮਾਰ, ਸਿਰਗੁੰਮ ਨਾਲ ਵਰਤਨ[4] ਵਾਲਾ ਤਨਖਾਹੀਆ ਹੋ ਜਾਂਦਾ ਹੈ। ੨. ਬੇ-ਅੰਮ੍ਰਿਤੀਏ ਜਾਂ ਪਤਿਤ ਦਾ ਜੂਠਾ ਖਾਣ ਵਾਲਾ। ੩. ਦਾਹੜਾ ਰੰਗਣ ਵਾਲਾ। ੪. ਪੁੱਤਰ ਜਾਂ ਧੀ ਦਾ ਸਾਕ ਮੁੱਲ ਲੈ ਕੇ ਜਾਂ ਦੇ ਕੇ ਕਰਨ ਵਾਲਾ। ੫. ਕੋਈ ਨਸ਼ਾ (ਭੰਗ, ਅਫੀਮ, ਸ਼ਰਾਬ, ਪੋਸਤ, ਕੁਕੀਨ, ਆਦਿ) ਵਰਤਣ ਵਾਲਾ। ੬. ਗੁਰਮਤਿ ਤੋਂ ਵਿਰੁੱਧ ਕੋਈ ਸੰਸਕਾਰ ਕਰਨ ਕਰਾਉਣ ਵਾਲਾ। ੭. ਰਹਿਤ ਵਿਚ ਕੋਈ ਭੁੱਲ ਕਰਨ ਵਾਲਾ।

(ਡ) ਇਹ ਸਿਖਿਆ ਦੇਣ ਤੋਂ ਉਪ੍ਰੰਤ ਪੰਜਾਂ ਪਿਆਰਿਆਂ ਵਿਚੋਂ ਕੋਈ ਸੱਜਣ ਅਰਦਾਸਾ ਕਰੇ।

(ਢ) ਫਿਰ ਤਾਬਿਆ ਬੈਠਾ ਸਿੰਘ 'ਹੁਕਮ' ਲਵੇ, ਜਿਨ੍ਹਾਂ ਨੇ ਅੰਮ੍ਰਿਤ ਛਕਿਆ ਹੈ, ਉਹਨਾਂ ਵਿਚੋਂ ਜੇ ਕਿਸੇ ਦਾ ਨਾਮ ਅੱਗੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਤੋਂ ਨਹੀਂ ਰੱਖਿਆ ਹੋਇਆ, ਉਸ ਦਾ ਨਾਮ ਹੁਣ ਬਦਲਾ ਕੇ ਰੱਖਿਆ ਜਾਵੇ।

(ਣ) ਅੰਤ ਵਿਚ ਕੜਾਹ ਪ੍ਰਸ਼ਾਦਿ ਵਰਤੇ। ਜਹਾਜ਼ ਚੜ੍ਹੇ ਸਾਰੇ ਸਿੰਘ ਤੇ ਸਿੰਘਣੀਆਂ ਇਕੋ ਬਾਟੇ ਵਿਚੋਂ ਕੜਾਹ ਪ੍ਰਸ਼ਾਦਿ ਰਲ ਕੇ ਛਕਣ।

### ੩. ਤਨਖਾਹ ਲਾਉਣ ਦੀ ਵਿਧੀ

(ੳ) ਜਿਸ ਕਿਸੇ ਸਿੱਖ ਪਾਸੋਂ ਰਹਿਤ ਦੀ ਕੋਈ ਭੁੱਲ ਹੋ ਜਾਵੇ ਤਾਂ ਉਹ ਨੇੜੇ ਦੀ ਗੁਰ-ਸੰਗਤ ਪਾਸ ਹਾਜ਼ਰ ਹੋਵੇ ਅਤੇ ਸੰਗਤ ਦੇ ਸਨਮੁੱਖ ਖੜ੍ਹੋ ਕੇ ਆਪਣੀ ਭੁੱਲ ਮੰਨੇ। (ਅ) ਗੁਰ-ਸੰਗਤ 'ਚੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿਚ ਪੰਜ ਪਿਆਰੇ ਚੁਣੇ ਜਾਣ, ਜੋ ਪੇਸ਼ ਹੋਏ ਸੱਜਣ ਦੀ ਭੁੱਲ ਨੂੰ ਵਿਚਾਰ ਕੇ ਗੁਰ-ਸੰਗਤ ਪਾਸ ਤਨਖਾਹ (ਦੰਡ) ਤਜਵੀਜ਼ ਕਰਨ। (ੲ) ਸੰਗਤ ਨੂੰ ਬਖਸ਼ਣ ਵੇਲੇ ਹਠ ਨਹੀਂ ਕਰਨਾ ਚਾਹੀਦਾ। ਨਾ ਹੀ ਤਨਖਾਹ ਲੁਆਉਣ ਵਾਲੇ ਨੂੰ ਦੰਡ ਭਰਨ ਵਿਚ ਅੜੀ ਕਰਨੀ ਚਾਹੀਦੀ ਹੈ। ਤਨਖਾਹ ਕਿਸੇ ਕਿਸਮ ਦੀ ਸੇਵਾ, ਖਾਸ ਕਰਕੇ ਜੋ ਹੱਥਾਂ ਨਾਲ ਕੀਤੀ ਜਾ ਸਕੇ, ਲਾਉਣੀ ਚਾਹੀਏ। (ਸ) ਅੰਤ ਸੋਧ ਦੀ ਅਰਦਾਸ ਹੋਵੇ।

### ੪. ਗੁਰਮਤਾ ਕਰਨ ਦੀ ਵਿਧੀ

(ੳ) ਗੁਰਮਤਾ ਕੇਵਕ ਉਨ੍ਹਾਂ ਸਵਾਲਾਂ 'ਤੇ ਹੀ ਹੋ ਸਕਦਾ ਹੈ, ਜੋ ਸਿੱਖ ਧਰਮ ਦੇ ਮੁੱਢਲੇ ਅਸੂਲਾਂ ਦੀ ਪੁਸ਼ਟੀ ਲਈ ਹੋਣ, ਅਰਥਾਤ ਗੁਰੂ ਸਾਹਿਬਾਨ ਜਾਂ ਗੁਰੂ ਗ੍ਰੰਥ ਸਾਹਿਬ ਦੀ ਪਦਵੀ, ਬੀੜ ਦੀ ਨਿਰੋਲਤਾ, ਅੰਮ੍ਰਿਤ, ਰਹਿਤ-ਬਹਿਤ, ਪੰਥ ਦੀ ਬਨਾਵਟ ਆਦਿ ਨੂੰ ਕਾਇਮ ਰੱਖਣ ਬਾਬਤ। ਹੋਰ ਕਿਸੇ ਕਿਸਮ ਦੇ ਸਾਧਾਰਨ (ਧਾਰਮਿਕ, ਵਿਦਿਅਕ, ਸਮਾਜਕ, ਪੁਲੀਟੀਕਲ) ਸਵਾਲ ਉੱਤੇ ਕੇਵਲ ਮਤਾ ਹੋ ਸਕਦਾ ਹੈ।

(ਅ) ਇਹ ਗੁਰਮਤਾ ਗੁਰੂ ਪੰਥ ਦਾ ਚੁਣਿਆ ਹੋਇਆ ਕੇਵਲ ਸ਼੍ਰੋਮਣੀ ਜਥਾ ਜਾਂ ਗੁਰੂ-ਪੰਥ ਦਾ ਪ੍ਰਤੀਨਿਧ ਇਕੱਠ ਹੀ ਕਰ ਸਕਦਾ ਹੈ।

### ੫. ਸਥਾਨਕ ਫੈਸਲਿਆਂ ਦੀ ਅਪੀਲ

ਸਥਾਨਕ ਗੁਰ-ਸੰਗਤਾਂ ਦੇ ਫੈਸਲਿਆਂ ਦੀ ਅਪੀਲ ਸ੍ਰੀ ਅਕਾਲ ਤਖ਼ਤ ਸਾਹਿਬ ਪਾਸ ਹੋ ਸਕਦੀ ਹੈ।

---

੧. ਕੁੱਠਾ ਤੋਂ ਭਾਵ ਉਹ ਮਾਸ ਹੈ, ਜੋ ਮੁਸਲਮਾਨੀ ਤਰੀਕੇ ਨਾਲ ਤਿਆਰ ਕੀਤਾ ਹੋਵੇ।

੨. ਕੇਸਧਾਰੀ ਹੋ ਕੇ ਜੋ ਕੇਸ ਕਟਾ ਦੇਵੇ।

੩. ਇਹਨਾਂ ਵਿਚੋਂ ਜਿਹੜੇ ਅੰਮ੍ਰਿਤ ਛਕ ਕੇ ਪੰਥ ਵਿਚ ਮਿਲ ਜਾਣ, ਉਹਨਾਂ ਨਾਲ ਵਰਤਣਾ ਠੀਕ ਹੈ।

੪. ਵਰਤਣ ਤੋਂ ਭਾਵ ਰੋਟੀ-ਬੇਟੀ ਦੀ ਸਾਂਝ ਹੈ, ਜਿਸ ਦਾ ਸਪੱਸ਼ਟ ਅਰਥ ਰਿਸ਼ਤਾ-ਨਾਤਾ ਕਰ ਕੇ ਬਰਾਦਰੀ ਦਾ ਸਬੰਧ ਪੈਦਾ ਕਰਨਾ ਹੈ। ਗੁਰੂ ਸਾਹਿਬ ਤੋਂ ਭਾਵ ਪੰਥ ਨੂੰ ਇਕ ਕਰ ਕੇ ਰੱਖਣ ਦਾ ਸੀ ਤਾਂਕਿ ਵੱਖਰੇ-ਵੱਖਰੇ ਗੁਰਿਆਈ ਦੇ ਸੈਂਟਰ ਜਾਂ ਮਿਲ-ਗੋਭਾ ਸਿੱਖੀ ਦੇ ਅੱਡੇ ਨਾ ਬਣਨ।

ਚੱਲਦਾ...

# ਸਾਹਿਬਜ਼ਾਦਿਆਂ ਵਲੋਂ ਦਿੱਤੀਆਂ ਸ਼ਹਾਦਤਾਂ ਸਮੁੱਚੀ ਸਿੱਖ ਕੌਮ ਲਈ ਪ੍ਰੇਰਨਾ ਸਰੋਤ ਹਨ -ਭਾਈ ਲੌਂਗੋਵਾਲ

## ਸ਼੍ਰੋਮਣੀ ਕਮੇਟੀ ਅਧੀਨ ਵਿੱਦਿਅਕ ਅਦਾਰਿਆਂ ਤੋਂ ਆਏ ਵਿਦਿਆਰਥੀਆਂ ਨੇ ਜਪੁਜੀ ਸਾਹਿਬ ਦੇ ਪਾਠ ਕਰ ਕੇ ਸ਼ਰਧਾ ਪ੍ਰਗਟਾਈ

ਸ੍ਰੀ ਚਮਕੌਰ ਸਾਹਿਬ, -ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜ਼ਾਦਿਆਂ ਬਾਬਾ ਅਜੀਤ ਸਿੰਘ, ਬਾਬਾ ਜੁਝਾਰ ਸਿੰਘ ਅਤੇ ਚਮਕੌਰ ਦੀ ਜੰਗ ਦੇ ਮਹਾਨ ਸੂਰਬੀਰ ਸਿੰਘਾਂ ਦੀ ਸ਼ਹਾਦਤ ਨੂੰ ਸਮਰਪਿਤ ਸ਼ਹੀਦੀ ਸਮਾਗਮ ਸ੍ਰੀ ਚੰਮਕੌਰ ਸਾਹਿਬ ਦੀ ਧਰਤੀ ਤੇ ਕਰਵਾਏ ਗਏ। ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਦੇ ਬਾਬਾ ਸੰਗਤ ਸਿੰਘ ਦੀਵਾਨ ਹਾਲ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਜੀ ਧਾਰਮਿਕ ਸਟੇਜ ਤੋਂ ਸ਼ਹੀਦਾਂ ਨੂੰ ਸ਼ਰਧਾ ਦੇ ਫ਼ੁੱਲ ਭੇਟ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਗੜ੍ਹੀ ਚਮਕੌਰ ਦੀ ਜੰਗ ਵਿਚ ਸਾਹਿਬਜ਼ਾਦਿਆਂ ਵਲੋਂ ਦਿੱਤੀਆਂ ਸ਼ਹਾਦਤਾਂ ਸਮੁੱਚੀ ਸਿੱਖ ਕੌਮ ਲਈ ਪ੍ਰੇਰਨਾ ਸਰੋਤ ਹਨ, ਜਿਸ ਤੋਂ ਸਾਨੂੰ ਜ਼ੁਲਮ ਤੇ ਜਬਰ ਖ਼ਿਲਾਫ਼ ਲੜਨ ਦੀ ਪ੍ਰੇਰਨਾ ਮਿਲਦੀ ਹੈ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਦਾ ਤਿਆਗ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਿੱਖੀ ਵੱਲ ਪ੍ਰੇਰਿਤ ਕਰੀਏ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਸਾਕਾ ਚਮਕੌਰ ਸਾਹਿਬ ਤੇ ਸਾਕਾ ਸਰਹਿੰਦ ਸਿੱਖ ਕੌਮ ਦੀ ਜਬਰ ਤੇ ਜ਼ੁਲਮ ਖ਼ਿਲਾਫ਼ ਲੜਾਈ ਦੇ ਸਿਖਰ ਦਾ ਪ੍ਰਤੀਕ ਹਨ, ਇਨ੍ਹਾਂ ਸਾਕਿਆਂ ਵਿਚ ਜਿੱਥੇ ਦਸਮੇਸ਼ ਪਿਤਾ ਦੇ ਸਮੁੱਚੇ ਪਰਿਵਾਰ ਨੇ ਦੇਸ਼ ਧਰਮ ਅਤੇ ਸਿੱਖੀ ਸਿਧਾਂਤਾਂ ਲਈ ਕੁਰਬਾਨੀ ਦਿੱਤੀ। ਸਾਬਕਾ ਸੰਸਦ ਮੈਂਬਰ ਸ. ਪ੍ਰੇਮ ਸਿੰਘ ਚੰਦੂਮਾਜਰਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਾਡੇ ਗੁਰੂਆਂ ਨੇ ਜਿੱਥੇ ਸਾਨੂੰ ਸਿੱਖੀ ਦੀ ਦਾਤ ਬਖ਼ਸ਼ ਕੇ ਕੁਰਬਾਨੀਆਂ ਦੀ ਜਾਂਚ ਦਿੱਤੀ ਹੈ, ਉਹ ਅੱਜ ਸਾਡੇ ਅਨਮੋਲ ਵਿਰਸੇ ਦੀ ਗਵਾਹੀ ਭਰ ਰਿਹਾ ਹੈ। ਸਾਬਕਾ ਸਿੱਖਿਆ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਬੁਲਾਰੇ ਡਾ. ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਸਾਨੂੰ ਸ਼ਹਿਜ਼ਾਦਿਆਂ ਦੀਆਂ ਸ਼ਹਾਦਤਾਂ ਬਾਰੇ ਆਪਣੇ ਬੱਚਿਆਂ ਅਤੇ ਨੌਜਵਾਨਾਂ ਨੂੰ ਜਾਣੂੰ ਕਰਵਾਉਣਾ ਚਾਹੀਦਾ ਹੈ ਤਾਂ ਹੀ ਉਹ ਮਹਾਨ ਸਿੱਖ ਵਿਰਸੇ ਦੇ ਵਾਰਿਸ ਬਣ ਸਕਣਗੇ। ਇਸ ਮੌਕੇ ਸ਼੍ਰੋਮਣੀ ਕਮੇਟੀ





ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਪ੍ਰਿੰਸੀਪਲ ਸੁਰਿੰਦਰ ਸਿੰਘ, ਜਥੇ. ਪਰਮਜੀਤ ਸਿੰਘ ਲੱਖੇਵਾਲ, ਜਥੇਦਾਰ ਅਜਮੇਰ ਸਿੰਘ ਖੇੜਾ ਤੇ ਕਰਨੈਲ ਸਿੰਘ ਪੰਜੋਲੀ ਨੇ ਵੀ ਸੰਗਤਾਂ ਨੂੰ ਸੰਬੋਧਨ ਕੀਤਾ। ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਅਧੀਨ ਪੈਂਦੇ ਪੰਜਾਬ ਭਰ ਦੇ ਵਿੱਦਿਅਕ ਅਦਾਰਿਆਂ ਤੋਂ ਆਏ ਵਿਦਿਆਰਥੀਆਂ ਨੇ ਸ਼ਬਦ ਕੀਰਤਨ, ਜਪੁਜੀ ਸਾਹਿਬ ਦੇ ਪਾਠ ਉਪਰੰਤ ਅਰਦਾਸ ਕਰ ਕੇ ਸਾਹਿਬਜ਼ਾਦਿਆਂ ਨੂੰ ਯਾਦ ਕੀਤਾ। ਇਸ ਮੌਕੇ ਹਲਕਾ ਇੰਚਾਰਜ ਹਰਮੋਹਣ ਸਿੰਘ ਸੰਧੂ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਮੈਨੇਜਰ ਭਾਈ ਮਹਿੰਦਰ ਸਿੰਘ ਚੌਹਾਨਕੇ, ਸ. ਹਰਪ੍ਰੀਤ ਸਿੰਘ ਬਸੰਤ, ਸ. ਬਲਦੇਵ ਸਿੰਘ ਹਾਫਿਜਾਬਾਦ, ਆਗੂ ਅਮਨਦੀਪ ਸਿੰਘ ਮਾਂਗਟ ਤੇ ਸੰਗਤਾਂ ਹਾਜ਼ਰ ਸਨ।



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਵਿਸ਼ੇਸ ਸਹਿਯੋਗ ਦੇ ਨਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਪਿੰਡ ਜੰਡੀ ਵਿਖੇ ਬੱਚਿਆਂ ਦੀ ਗੁਰਮਤਿ ਪ੍ਰਤੀਯੋਗਤਾ ਕਰਵਾਈ ਗਈ। ਇਸ ਪ੍ਰਤੀਯੋਗਤਾ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਵਿਸ਼ੇਸ ਤੌਰ ਤੇ ਸਨਮਾਨਿਤ ਕੀਤਾ ਗਿਆ।

# ਪ੍ਰੀਤ ਨਗਰ ਜਲੰਧਰ ਵਿਖੇ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾਏ



ਜਲੰਧਰ- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਅਤੇ ਮਾਤਾ ਗੁਜ਼ਰ ਕੌਰ ਜੀ ਦੀ ਸਹਾਦਤ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਕੁਲਵੰਤ ਸਿੰਘ ਮੰਨਣ ਦੇ ਉਪਰਾਲੇ ਅਤੇ ਗੁਰੂ ਨਾਨਕ ਇਸਤਰੀ ਸਤਿਸੰਗ ਸਭਾ, ਪ੍ਰੀਤ ਨਗਰ ਸੋਡਲ ਰੋਡ ਦੇ ਸਹਿਯੋਗ ਨਾਲ ਬੱਚਿਆਂ ਨੂੰ ਸਿੱਖੀ ਵਿਰਸੇ ਨਾਲ ਜੋੜਨ ਅਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਪ੍ਰੇਰਨਾ ਕਰਨ ਲਈ ਵਿਸ਼ੇਸ ਕੈਂਪ ਲਗਾਇਆ ਗਿਆ। ਇਸ ਕੈਂਪ ਵਿਚ 150 ਦੇ ਕਰੀਬ ਬੱਚਿਆਂ ਨੇ ਭਾਗ ਲਿਆ ਜਿਨ੍ਹਾਂ ਨੂੰ ਧਰਮ ਪ੍ਰਚਾਰ ਕਮੇਟੀ ਦੀ ਪ੍ਰਚਾਰਕ ਬੀਬੀ ਤ੍ਰਿਲੋਚਨ ਕੌਰ ਨੇ ਸਿੱਖ ਰਹਿਤ ਮਰਿਯਾਦਾ, ਗੁਰਮਤਿ ਸਿਧਾਤਾਂ ਅਤੇ ਸਿੱਖ ਵਿਰਸੇ ਬਾਰੇ ਜਾਣਕਾਰੀ ਦਿੱਤੀ। ਬੀਬੀ ਤ੍ਰਿਲੋਚਨ ਕੌਰ ਨੇ ਬੱਚਿਆਂ ਨਾਲ ਆਈਆਂ ਮਾਤਾਵਾਂ ਨੂੰ ਵੀ ਪ੍ਰੇਰਨਾ ਕਰਦਿਆਂ ਕਿਹਾ ਕਿ ਉਹ ਖੁਦ ਵੀ ਨਿੱਤਨੇਮ ਦੇ ਧਾਰਨੀ ਹੋਣ ਅਤੇ ਬੱਚਿਆਂ ਨੂੰ ਵੀ ਨਿੱਤਨੇਮ ਦੀ ਪ੍ਰੇਰਨਾ ਕਰਨ। ਇਸ ਮੌਕੇ ਬਚਿਆਂ ਦੇ ਗੁਰਬਾਣੀ ਕੰਠ, ਧਾਰਮਿਕ ਕਵਿਤਾਵਾਂ ਤੇ ਭਾਸ਼ਣ ਮੁਕਾਬਲੇ ਕਰਵਾਏ ਗਏ ਜਿਸ ਵਿਚ ਜੇਤੂ ਬੱਚਿਆਂ ਨੂੰ ਸਨਮਾਨ ਚਿੰਨ੍ਹ, ਮੈਡਲ ਅਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬੀਬੀ ਸੁਰਜੀਤ ਕੌਰ ਪ੍ਰਧਾਨ ਇਸਤਰੀ ਸਤਿਸੰਗ ਸਭਾ, ਬੀਬੀ ਗੁਰਨਾਮ ਕੌਰ, ਬੀਬੀ ਰਣਜੀਤ ਕੌਰ, ਬੀਬੀ ਦਵਿੰਦਰ ਕੌਰ, ਬੀਬੀ ਹਰਜਿੰਦਰ ਕੌਰ, ਬੀਬੀ ਅਮਰਜੀਤ ਕੌਰ, ਬੀਬੀ ਨਿਰੰਜਣ ਕੌਰ ਸਮੇਤ ਸੰਗਤਾਂ ਹਾਜ਼ਰ ਸਨ।

# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਅਜਨਾਲਾ ਵਿਖੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ



ਅਜਨਾਲਾ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ ਅਨੁਸਾਰ, ਸਿੱਖ ਬੱਚਿਆਂ ਵਿੱਚ ਗੁਰਬਾਣੀ ਪ੍ਰਤੀ ਉਤਸ਼ਾਹ ਪੈਦਾ ਕਰਨ ਤੇ ਸਿੱਖ ਵਿਰਸੇ ਤੋਂ ਜਾਣੂ ਕਰਵਾਉਣ ਲਈ, ਸ਼੍ਰੋਮਣੀ ਕਮੇਟੀ ਮੈਂਬਰ ਮਾਸਟਰ ਅਮਰੀਕ ਸਿੰਘ ਵਿਛੋਆ ਦੇ ਸਹਿਯੋਗ ਨਾਲ ਚਾਰ ਸਾਹਿਬਜਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ, ਧਰਮ ਪ੍ਰਚਾਰ ਕਮੇਟੀ ਵੱਲੋਂ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਅਜਨਾਲਾ ਵਿਖੇ ਵਿਦਿਆਰਥੀਆਂ ਦੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ ਗਏ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਤੇ ਹਲਕਾ ਇੰਚਾਰਜ ਸ. ਜੋਧ ਸਿੰਘ ਸਮਰਾ, ਮੈਂਬਰ ਮਾਸਟਰ ਅਮਰੀਕ ਸਿੰਘ ਵਿਛੋਆ ਤੇ ਸਾਬਕਾ ਸਕੱਤਰ ਸ. ਕਰਮਬੀਰ ਸਿੰਘ ਕਿਆਮਪੁਰ ਵਿਸ਼ੇਸ ਤੌਰ 'ਤੇ ਪਹੁੰਚੇ।

ਇਹ ਮੁਕਾਬਲੇ ਪਹਿਲੀ ਤੋਂ ਪੰਜਵੀ ਤੱਕ, ਛੇਵੀਂ ਤੋਂ ਅੱਠਵੀਂ ਤੱਕ ਅਤੇ ਨੌਵੀਂ ਤੋਂ ਬਾਰਵੀਂ ਤੱਕ ਤਿੰਨ ਵਰਗਾ ਵਿੱਚ ਕਰਵਾਏ ਗਏ। ਵਿਦਿਆਰਥੀਆਂ ਕੋਲੋਂ ਗੁਰਬਾਣੀ ਸੁਣਨ ਦੀ ਸੇਵਾ ਪ੍ਰਚਾਰਕ ਭਾਈ ਬਲਕਾਰ ਸਿੰਘ ਸੂਰੇਪੁਰ ਤੇ ਪ੍ਰਚਾਰਕ ਭਾਈ ਸੁਖਰਾਜ ਸਿੰਘ ਨੇ ਨਿਭਾਈ। ਮੁਕਾਬਲੇ ਵਿਚ ਪਹਿਲੇ, ਦੂਸਰੇ ਤੇ ਤੀਸਰੇ ਸਥਾਨ ਤੇ ਆਉਣ ਵਾਲੇ ਅਤੇ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਸ਼੍ਰੋਮਣੀ ਕਮੇਟੀ ਦੇ ਮੈਂਬਰ ਤੇ ਹਲਕਾ ਇੰਚਾਰਜ ਸ੍ਰ ਜੋਧ ਸਿੰਘ ਸਮਰਾ, ਸਾਬਕਾ ਸਕੱਤਰ ਸ੍ਰ ਕਰਮਬੀਰ ਸਿੰਘ ਕਿਆਮਪੁਰ, ਸ. ਜ਼ੋਰਾਵਰ ਸਿੰਘ, ਪ੍ਰਚਾਰਕ ਭਾਈ ਬਲਕਾਰ ਸਿੰਘ ਸੂਰੇਪੁਰ ਵੱਲੋਂ ਸਨਮਾਨ ਚਿੰਨ੍ਹ, ਮੈਡਲ ਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਪ੍ਰਿ: ਗੁਰਦਿਆਲ ਸਿੰਘ ਚੀਮਾ, ਸ. ਬਲਦੇਵ ਸਿੰਘ, ਸ. ਜੁਗਰਾਜ ਸਿੰਘ, ਪ੍ਰਚਾਰਕ ਭਾਈ ਸੁਖਰਾਜ ਸਿੰਘ, ਭਾਈ ਬਲਜੋਧ ਸਿੰਘ, ਤੋਂ ਇਲਾਵਾ ਸਕੂਲ ਦਾ ਸਟਾਫ ਹਾਜਰ ਸੀ।



ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਿੱਖ ਮਿਸ਼ਨ ਕੁਰੂਕਸ਼ੇਤਰ ਹਰਿਆਣਾ ਵੱਲੋਂ ਬਾਲਾ ਪ੍ਰੀਤਮ ਪ੍ਰਚਾਰ ਲਹਿਰ ਪੰਜੋਖਰਾ ਸਾਹਿਬ ਵੱਲੋਂ ਗੁਰੂ ਨਾਨਕ ਦੇਵ ਮਾਡਲ ਸਕੂਲ ਧਰਮਗੜ੍ਹ ਵਿਖੇ ਗੁਰਬਾਣੀ ਕੰਠ ਸਮਾਗਮ ਕਰਵਾਇਆ ਗਿਆ। ਜਿਸ ਵਿਚ ਭਾਗ ਲੈਣ ਵਾਲੇ 52 ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ।

## ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਵਿਖੇ ਆਤਮਰਸ ਗੁਰਮਤਿ ਸਮਾਗਮ ਸੰਪੰਨ




ਪਟਿਆਲਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਗੁਰਸ਼ਬਦ ਪ੍ਰਚਾਰ ਸਭਾ ਵੱਲੋਂ ਦੋ ਰੋਜ਼ਾ ਆਤਮਰਸ ਗੁਰਮਤਿ ਸਮਾਗਮ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਪਟਿਆਲਾ ਵਿਖੇ ਸੰਪੰਨ ਹੋਇਆ।

ਇਸ ਗੁਰਮਤਿ ਸਮਾਗਮ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ਼ਿਰਕਤ ਕੀਤੀ ਅਤੇ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਉਪਦੇਸ਼ਾਂ ਅਨੁਸਾਰੀ ਜੀਵਨ ਬਤੀਤ ਕਰਨ ਲਈ ਪ੍ਰੇਰਿਆ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਜਗਤ ਦੇ ਉਧਾਰ ਵਾਸਤੇ ਵਿਸ਼ਵਵਿਆਪੀ ਤੇ ਕ੍ਰਾਂਤੀਕਾਰੀ ਵਿਚਾਰਧਾਰਾ ਦਿੱਤੀ ਹੈ।

ਭਾਈ ਲੌਂਗੋਵਾਲ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਿਧਾਂਤ ਕਿਰਤ ਕਰੋ, ਨਾਮ ਜਪੋ ਅਤੇ ਵੰਡ ਛਕੋ 'ਤੇ ਆਧਾਰਤ ਰਿਹਾ, ਜੋ ਕਿਸੇ ਖ਼ਾਸ ਖਿੱਤੇ ਦੇ ਲੋਕਾਂ ਲਈ ਨਹੀਂ ਬਲਕਿ ਸਮੁੱਚੀ ਮਨੁੱਖਤਾ ਨੂੰ ਸਮਰਪਿਤ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦਾ ਫਲਸਫਾ, ਸਿੱਖਿਆਵਾਂ ਅਤੇ ਉਪਦੇਸ਼ ਵਿਸ਼ਵ ਸ਼ਾਂਤੀ, ਭਾਈਚਾਰਕ ਸਾਂਝ, ਮਨੁੱਖੀ ਕਦਰਾਂ ਕੀਮਤਾਂ ਤੇ ਧਰਮ ਨਿਰਪੱਖਤਾ ਲਈ ਸਾਰਥਿਕ ਹਨ, ਜੋ ਰਹਿੰਦੀ ਦੁਨੀਆ ਤੱਕ ਮਨੁੱਖ ਦਾ ਮਾਰਗ ਦਰਸ਼ਨ ਕਰਦੇ ਰਹਿਣਗੇ। ਭਾਈ ਲੌਂਗੋਵਾਲ ਨੇ ਕਿਹਾ ਕਿ ਗੁਰੂ ਜੀ ਨੇ ਪੂਰਨ ਸੱਚ ਦਾ ਗਿਆਨ ਸੰਸਾਰ ਨੂੰ ਦਿੱਤਾ ਹੈ ਅਤੇ ਅਜਿਹੇ ਗਿਆਨ ਨਾਲ ਹੀ ਮਨੁੱਖਤਾ ਦਾ ਭਲਾ ਹੋ ਸਕਦਾ ਹੈ। ਇਸ ਮੌਕੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਕੀਰਤਨੀ ਜੱਥਿਆਂ ਨੇ ਸੰਗਤਾਂ ਨੂੰ ਕੀਰਤਨ ਨਾਲ ਨਿਹਾਲ ਕੀਤਾ।

ਜ਼ਿਕਰਯੋਗ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲਗਾਤਾਰ ਦੇਸ਼ ਭਰ ਵਿਚ ਖਾਸਕਰ ਪੰਜਾਬ ਅੰਦਰ ਗੁਰਮਤਿ ਸਮਾਗਮਾਂ ਦੇ ਨਾਲ ਨਾਲ ਗੁਰਮਤਿ ਕੈਂਪ ਲਗਾਉਣ ਲਈ ਸਮੂਹ ਧਾਰਮਿਕ ਸਭਾ-ਸੁਸਾਇਟੀਆਂ ਤੇ ਸੰਸਥਾਵਾਂ ਨੂੰ ਉਤਸ਼ਾਹਤ ਤੇ ਸਹਿਯੋਗ ਕੀਤਾ ਜਾਂਦਾ ਹੈ।

## ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਕੈਨੇਡਾ ਦੇ ਮੈਂਬਰਾਂ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨਾਲ ਕੀਤੀ ਮੁਲਾਕਾਤ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨਾਲ ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਕੈਨੇਡਾ ਦੇ ਮੈਂਬਰਾਂ ਨੇ ਇਕ ਮੁਲਾਕਾਤ ਦੌਰਾਨ ਪੰਜਾਬ ਅੰਦਰ ਪੰਜਾਬੀ ਬੋਲੀ ਪ੍ਰਤੀ ਸਰਕਾਰ ਵੱਲੋਂ ਅਪਣਾਈ ਜਾ ਰਹੀ ਉਦਾਸੀਨਤਾ 'ਤੇ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਇਸ ਸਬੰਧੀ ਇਕ ਮੰਗ ਪੱਤਰ ਸੌਂਪਿਆ।

ਇਸ ਦੌਰਾਨ ਭਾਈ ਲੌਂਗੋਵਾਲ ਨੇ ਕਿਹਾ ਕਿ ਪੰਜਾਬ ਅੰਦਰ ਪੰਜਾਬੀ ਬੋਲੀ ਦੇ ਸਤਿਕਾਰ ਲਈ ਸਰਕਾਰ ਨੂੰ ਉਸ ਦੀ ਜ਼ੁੰਮੇਵਾਰੀ ਪ੍ਰਤੀ ਚੇਤੰਨ ਕਰਨ ਲਈ ਸ਼੍ਰੋਮਣੀ ਕਮੇਟੀ ਵੱਲੋਂ ਲਿਖਿਆ ਜਾਵੇਗਾ। ਉਨ੍ਹਾਂ ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਦੇ ਮੈਂਬਰਾਂ ਨੂੰ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਪਹਿਲਾਂ ਤੋਂ ਹੀ ਇਸ ਸਬੰਧੀ ਸੁਹਿਰਦ ਯਤਨ ਕੀਤੇ ਜਾ ਰਹੇ ਹਨ ਅਤੇ ਬੀਤੇ ਦਿਨੀਂ ਸ਼੍ਰੋਮਣੀ ਕਮੇਟੀ ਦੇ ਜਨਰਲ ਇਜਲਾਸ ਦੌਰਾਨ ਵੀ ਪੰਜਾਬੀ ਭਾਸ਼ਾ ਪ੍ਰਤੀ ਇਕ ਵਿਸ਼ੇਸ਼ ਮਤਾ ਪਾਸ ਕੀਤਾ ਗਿਆ ਸੀ। ਭਾਈ ਲੌਂਗੋਵਾਲ ਨੇ ਕਿਹਾ ਕਿ ਦੁੱਖ ਦੀ ਗੱਲ ਹੈ ਕਿ ਪੰਜਾਬ ਸੂਬੇ ਅੰਦਰ ਹੀ ਪੰਜਾਬੀ ਪ੍ਰਤੀ ਉਦਾਸੀਨਤਾ ਅਪਨਾਈ ਜਾ ਰਹੀ ਹੈ ਅਤੇ ਪੰਜਾਬੀ ਬੋਲੀ ਨੂੰ ਸਰਕਾਰ ਵੱਲੋਂ ਅਣਦੇਖਿਆ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550ਵਾਂ ਪ੍ਰਕਾਸ਼ ਪੁਰਬ ਸਮੁੱਚੀ ਕੌਮ ਵੱਲੋਂ ਜਾਹੋ-ਜਲਾਲ ਨਾਲ ਮਨਾਇਆ ਗਿਆ ਹੈ ਅਤੇ ਇਸ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਜਿਥੇ ਵੱਖ-ਵੱਖ ਗੁਰਮਤਿ ਸਮਾਗਮ ਕੀਤੇ ਗਏ, ਉਥੇ ਹੀ ਸਕੂਲਾਂ/ਕਾਲਜਾਂ ਅੰਦਰ ਵਿਸ਼ੇਸ਼ ਸੈਮੀਨਾਰ ਕਰ ਕੇ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਸਬੰਧੀ ਪੰਜਾਬੀ ਬੋਲੀ ਵਿਚ ਲੈਕਚਰ ਕਰਵਾਏ ਗਏ। ਪਰੰਤੂ ਦੂਸਰੇ ਪਾਸੇ ਸਰਕਾਰ ਆਪਣੀ ਜ਼ੁੰਮੇਵਾਰੀ ਤੋਂ ਭੱਜਦੀ ਨਜ਼ਰ ਆ ਰਹੀ ਹੈ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਰਕਾਰ ਨੂੰ ਪੱਤਰ ਲਿਖ ਕੇ ਸੂਬੇ ਅੰਦਰ ਪੰਜਾਬੀ ਭਾਸ਼ਾ ਨੂੰ ਪ੍ਰਫੁਲਤ ਕਰਨ ਅਤੇ ਇਸ ਦੀ ਵਰਤੋਂ ਨੂੰ ਸਖ਼ਤੀ ਨਾਲ ਲਾਗੂ ਕਰਵਾਉਣ ਲਈ ਆਖੇਗੀ। ਇਸ ਮੌਕੇ ਭਾਈ ਲੌਂਗੋਵਾਲ ਨੇ ਪੰਜਾਬੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਪੰਜਾਬੀ ਬੋਲੀ ਨਾਲ ਜੋੜਨ ਲਈ ਵੱਧ ਤੋਂ ਵੱਧ ਯਤਨ ਕਰਨ। ਇਸ ਨੂੰ ਘਰਾਂ ਅੰਦਰ ਬੋਲ-ਚਾਲ ਵਜੋਂ ਲਾਜ਼ਮੀ ਕੀਤਾ ਜਾਵੇ। ਜੇਕਰ ਸਕੂਲਾਂ ਅੰਦਰ ਬੱਚਿਆਂ ਨੂੰ ਪੰਜਾਬੀ ਬੋਲਣ ਤੋਂ ਕੋਈ ਰੋਕਦਾ ਹੈ ਤਾਂ ਉਸ ਦਾ ਵਿਰੋਧ ਕੀਤਾ ਜਾਵੇ। ਵਿਆਹਾਂ ਸਮੇਂ ਛਪਵਾਏ ਜਾਂਦੇ ਕਾਰਡ ਪੰਜਾਬੀ ਵਿਚ ਛਪਵਾਏ ਜਾਣ। ਇਸ ਮੌਕੇ ਪੰਜਾਬੀ ਭਾਸ਼ਾ ਪ੍ਰਸਾਰ ਭਾਈਚਾਰੇ ਵੱਲੋਂ ਸ. ਰਜਿੰਦਰ ਸਿੰਘ ਢੱਟ, ਸ. ਹਰਦਿਆਲ ਸਿੰਘ ਗਰਚਾ, ਸ. ਦਵਿੰਦਰ ਸਿੰਘ ਘਟੋਰਾ, ਸ. ਹਰਬਖ਼ਸ਼ ਸਿੰਘ ਗਰੇਵਾਲ (ਸਾਰੇ ਕੈਨੇਡਾ ਨਿਵਾਸੀ) ਅਤੇ ਸ੍ਰੀ ਮਿੱਤਰ ਸੈਣ ਮੀਤ ਨੇ ਪੰਜਾਬੀ ਨੂੰ ਉਭਾਰਨ ਸਬੰਧੀ ਭਾਈ ਲੌਂਗੋਵਾਲ ਨਾਲ ਵਿਸਥਾਰ ਵਿਚ ਵਿਚਾਰ ਚਰਚਾ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਾਜਿੰਦਰ ਸਿੰਘ ਮਹਿਤਾ, ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਮੈਂਬਰ ਭਾਈ ਮਨਜੀਤ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਤਿੰਦਰ ਸਿੰਘ, ਸ. ਗੁਰਿੰਦਰ ਸਿੰਘ ਮਥੇਰਵਾਲ, ਸ. ਮੁਖਤਾਰ ਸਿੰਘ, ਸ. ਰਾਜਿੰਦਰ ਸਿੰਘ ਰੂਬੀ, ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਵੱਲੋਂ ਸ. ਮਹਿੰਦਰ ਸਿੰਘ ਸੇਖੋਂ, ਸ. ਇੰਦਰਪਾਲ ਸਿੰਘ, ਸ. ਸੁਖਇੰਦਰਪਾਲ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ ਆਦਿ ਮੌਜੂਦ ਸਨ।

## ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਭਗਤ ਸੈਣ ਜੀ ਦਾ ਜਨਮ ਦਿਹਾੜਾ ਮਨਾਇਆ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਗਤ ਸੈਣ ਜੀ ਦਾ ਜਨਮ ਦਿਹਾੜਾ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਉਪਰੰਤ ਭਾਈ ਜਗਦੀਪ ਸਿੰਘ ਦੇ ਰਾਗੀ ਜੱਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਹੁਕਮਨਾਮਾ ਭਾਈ ਹਰਮਿੱਤਰ ਸਿੰਘ ਨੇ ਲਿਆ। ਇਸ ਸਮੇਂ ਹਾਜ਼ਰ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਦੇ ਕਥਾਵਾਚਕ ਭਾਈ ਹਰਮਿੱਤਰ ਸਿੰਘ ਨੇ ਕਿਹਾ ਕਿ ਭਗਤ ਸੈਣ ਜੀ ਦੀ ਬਾਣੀ ਮਾਨਵਤਾ ਲਈ ਰਾਹ ਦਸੇਰਾ ਹੈ ਜਿਸ 'ਤੇ ਚੱਲ ਕੇ ਅਸੀਂ ਆਪਣਾ ਜੀਵਨ ਸਵਾਰ ਸਕਦੇ ਹਾਂ। ਉਨ੍ਹਾਂ ਨੇ ਅਜੋਕੀ ਨੌਜੁਆਨੀ ਨੂੰ ਗੁਰਬਾਣੀ ਦੇ ਲੜ ਲੱਗਣ ਦੀ ਵੀ ਅਪੀਲ ਕੀਤੀ। ਇਸ ਮੌਕੇ ਭਗਤ ਸੈਣ ਜੀ ਸਭਾ ਦੇ ਮੈਂਬਰਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਬਖ਼ਸ਼ਿਸ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ, ਮੁੱਖ ਸਕੱਤਰ ਡਾ. ਰੂਪ ਸਿੰਘ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਇੰਜ: ਸੁਖਮਿੰਦਰ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਮੀਤ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਦਰਸ਼ਨ ਸਿੰਘ ਪੀ.ਏ., ਐਡੀ: ਮੈਨੇਜਰ ਸ. ਬਘੇਲ ਸਿੰਘ, ਇੰਚਾਰਜ ਸ. ਮਨਜੀਤ ਸਿੰਘ ਤਲਵੰਡੀ, ਸ. ਗੁਰਨਾਮ ਸਿੰਘ, ਸ. ਗੁਰਿੰਦਰ ਸਿੰਘ ਠਰੂ, ਭਾਈ ਅਮਰੀਕ ਸਿੰਘ ਠੱਠੀ ਸੋਹਲ, ਸ. ਜਸਵੰਤ ਸਿੰਘ ਜੋੜਾ ਫਾਟਕ, ਸ. ਬਲਦੇਵ ਸਿੰਘ, ਸ. ਅਮਰ ਸਿੰਘ, ਸ. ਮਨਮੋਹਨ ਸਿੰਘ ਬਾਸਰਕੇ, ਸ. ਦਿਲਬਾਗ ਸਿੰਘ ਠੱਠੀ ਸੋਹਲ ਤੇ ਸੰਗਤਾਂ ਹਾਜ਼ਰ ਸਨ।

## ਹਲਕਾ ਧਾਰੀਵਾਲ ਦੇ ਪਿੰਡ ਭੁੰਬਲੀ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ



ਧਾਰੀਵਾਲ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਜਸਬੀਰ ਕੌਰ ਦੇ ਸਹਿਯੋਗ ਨਾਲ ਪਿੰਡ ਭੁੰਬਲੀ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ ਜਿਸ ਵਿਚ 74 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ। ਇਸ ਮੌਕੇ ਜਥੇਦਾਰ ਰਤਨ ਸਿੰਘ ਜਫਰਵਾਲ ਨੇ ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਵਧਾਈ ਦਿੰਦਿਆਂ ਰਹਿਤ ਮਰਿਯਾਦਾ ਅਨੁਸਾਰੀ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਕੀਤੀ। ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਜਗਰੂਪ ਸਿੰਘ ਕਲਿਆਣਪੁਰ, ਭਾਈ ਬਲਬੀਰ ਸਿੰਘ ਹਮਰਾਜਪੁਰ ਅਤੇ ਢਾਡੀ ਭਾਈ ਲੱਖਾ ਸਿੰਘ ਮਾਨੇਪੁਰ ਦੇ ਜਥੇ ਨੇ ਸੰਗਤਾਂ ਨੂੰ ਗੁਰ-ਇਤਿਹਾਸ ਤੋਂ ਜਾਣੂ ਕਰਵਾਇਆ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ।



ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਗੁਰਦੁਆਰਾ ਸਾਹਿਬ ਨਾਨਕਸਰ, ਨਹਿਰੂ ਨਗਰ ਭਿਲਾਈ, ਛੱਤੀਸਗੜ੍ਹ ਵਿਖੇ ਅੰਮ੍ਰਿਤ 25 ਦਸੰਬਰ 2019 ਨੂੰ ਸੰਚਾਰ ਸਮਾਗਮ ਕਰਵਾਇਆ ਗਿਆ। ਇਸ ਮੌਕੇ 98 ਪ੍ਰਾਣੀ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣੇ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ।



ਧਰਮ ਪ੍ਰਚਾਰ ਕਮੇਟੀ ਦੇ ਪ੍ਰਬੰਧ ਹੇਠ ਸਿੱਖ ਮਿਸ਼ਨ ਹਾਪੜ (ਉੱਤਰ ਪ੍ਰਦੇਸ਼) ਵੱਲੋਂ ਗੁਰਦੁਆਰਾ ਗੁਰੂ ਨਾਨਕ ਦਰਬਾਰ ਸਿੱਖ ਮਿਸ਼ਨ ਹਾਪੜ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਇਸ ਮੌਕੇ 35 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ, ਜਿਨ੍ਹਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ।

## ਭਾਈ ਮਹਿਤਾ ਤੇ ਡਾ. ਰੂਪ ਸਿੰਘ ਨੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰਾਂ ਨਾਲ ਕੀਤੀ ਬੈਠਕ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ ਅਤੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰਾਂ ਨਾਲ ਬੈਠਕ ਕਰਕੇ ਪ੍ਰਬੰਧਕੀ ਆਦੇਸ਼ ਜਾਰੀ ਕੀਤੇ। ਇਕੱਤਰਤਾ ਦੌਰਾਨ ਭਾਈ ਰਜਿੰਦਰ ਸਿੰਘ ਮਹਿਤਾ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੁੱਚੀ ਮਨੁੱਖਤਾ ਲਈ ਅਧਿਆਤਮਿਕ ਕੇਂਦਰ ਹੋਣ ਕਰਕੇ ਇਥੇ ਸਿੱਖ ਸੰਗਤਾਂ ਦੇ ਨਾਲ-ਨਾਲ ਦੇਸ਼-ਵਿਦੇਸ਼ ਵਿੱਚੋਂ ਹੋਰਨਾਂ ਧਰਮਾਂ ਦੇ ਲੋਕ ਵੀ ਵੱਡੀ ਗਿਣਤੀ ਵਿਚ ਪੁੱਜਦੇ ਹਨ ਅਤੇ ਇਸ ਪਾਵਨ ਅਸਥਾਨ ਦੇ ਪ੍ਰਬੰਧਾਂ 'ਤੇ ਸੰਗਤ ਦੀ ਹਮੇਸ਼ਾ ਪੜਚੋਲੀਆਂ ਨਜ਼ਰ ਬਣੀ ਰਹਿੰਦੀ ਹੈ। ਇਸ ਲਈ ਸਾਨੂੰ ਆਪਣੇ ਜ਼ੁੰਮੇ ਲੱਗੀ ਸੇਵਾ ਨੂੰ ਤਨਦੇਹੀ ਨਾਲ ਨਿਭਾਉਣਾ ਚਾਹੀਦਾ ਹੈ, ਤਾਂ ਜੋ ਸੰਗਤ ਚੰਗਾ ਪ੍ਰਭਾਵ ਲੈ ਕੇ ਜਾ ਸਕੇ। ਉਨ੍ਹਾਂ ਕਿਹਾ ਕਿ ਪ੍ਰਬੰਧਕੀ ਅਹੁਦਿਆਂ ਦਾ ਮਤਲਬ ਸੰਗਤ ਪ੍ਰਤੀ ਜਵਾਬਦੇਹੀ ਹੁੰਦਾ ਹੈ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤ ਜਿਹੋ ਜਿਹੀਆਂ ਪ੍ਰਬੰਧਕੀ ਸੇਵਾਵਾਂ ਚਾਹੁੰਦੀ ਹੈ, ਉਸ ਤੋਂ ਵੀ ਬਿਹਤਰ ਸੇਵਾਵਾਂ ਦੇਣਾ ਪ੍ਰਬੰਧਕਾਂ ਦੀ ਪਹਿਲ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਅਹੁਦੇਦਾਰਾਂ, ਅਧਿਕਾਰੀਆਂ ਤੇ ਕਰਮਚਾਰੀਆਂ ਦੇ ਤਾਲਮੇਲ ਨਾਲ ਸੰਗਤ ਲਈ ਉਚਿਤ ਪ੍ਰਬੰਧ ਕੀਤੇ ਜਾਣ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪ੍ਰਬੰਧਕੀ ਸਮੀਖਿਆ ਆਰੰਭ ਕੀਤੀ ਗਈ ਹੈ ਅਤੇ ਇਸ ਸਬੰਧੀ ਬੈਠਕਾਂ ਦਾ ਸਿਲਸਿਲਾ ਨਿਰੰਤਰ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਪ੍ਰਬੰਧਾਂ ਵਿਚ ਕਿਸੇ ਵੀ ਕਿਸਮ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਜੇਕਰ ਅਜਿਹਾ ਸਾਹਮਣੇ ਆਉਂਦਾ ਹੈ ਤਾਂ ਜ਼ੁੰਮੇਵਾਰ ਮੁਲਾਜ਼ਮ ਦੀ ਜਵਾਬਤਲਬੀ ਹੋਵੇਗੀ। ਉਨ੍ਹਾਂ ਕਿਹਾ ਕਿ ਸੰਗਤੀ ਅਦਾਰਾ ਹੋਣ ਕਰਕੇ ਗੁਰਦੁਆਰਾ ਸਾਹਿਬਾਨ ਦੇ ਮੁਲਾਜ਼ਮਾਂ ਦਾ ਬੋਲ-ਚਾਲ ਵਧੀਆ ਹੋਣਾ ਚਾਹੀਦਾ ਹੈ। ਉਨ੍ਹਾਂ ਅਧਿਕਾਰੀਆਂ ਨੂੰ ਸਮੇਂ ਦਾ ਪਾਬੰਦ ਹੋਣ ਦੇ ਨਾਲ-ਨਾਲ ਆਪਣੇ ਅਧੀਨ ਕੰਮ ਕਰਨ ਵਾਲੇ ਮੁਲਾਜ਼ਮਾਂ ਨਾਲ ਵਧੀਆ ਤਾਲਮੇਲ ਪੈਦਾ ਕਰਨ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ ਅਨੁਸ਼ਾਸਨਹੀਣਤਾ ਤੇ ਡਿਊਟੀ 'ਚ ਕੁਤਾਹੀ ਬਰਦਾਸ਼ਤ ਨਹੀਂ ਹੋਵੇਗੀ। ਜਿਨ੍ਹਾਂ ਮੁਲਾਜ਼ਮਾਂ ਨੂੰ ਵਰਦੀ ਮਿਲਦੀ ਹੈ ਉਹ ਬਕਾਇਦਾ ਵਰਦੀ ਵਿਚ ਆਉਣ। ਦਸਤਾਰਾਂ ਪੰਥ ਪ੍ਰਵਾਨਤ ਨੀਲੇ, ਪੀਲੇ ਤੇ ਕਾਲੇ ਰੰਗ ਦੀਆਂ ਹੀ ਬੰਨ੍ਹੀਆਂ ਜਾਣ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਅਤੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਮੈਨੇਜਰ ਸ. ਮੁਖਤਾਰ ਸਿੰਘ, ਸ. ਮਨਜਿੰਦਰ ਸਿਮਘ ਮੰਡ, ਸ. ਹਰਪ੍ਰੀਤ ਸਿੰਘ, ਸ. ਰਾਜਿੰਦਰ ਸਿੰਘ ਰੂਬੀ, ਸ. ਇਕਬਾਲ ਸਿੰਘ ਮੁਖੀ, ਸ. ਸੁਖਬੀਰ ਸਿੰਘ, ਸ. ਸੁਖਰਾਜ ਸਿੰਘ, ਸ. ਬਘੇਲ ਸਿੰਘ, ਸ. ਪਰਮਜੀਤ ਸਿੰਘ, ਸ. ਨਰਿੰਦਰ ਸਿੰਘ, ਸ. ਜਗਤਾਰ ਸਿੰਘ, ਸ. ਨਿਸ਼ਾਨ ਸਿੰਘ, ਸ. ਲਖਬੀਰ ਸਿੰਘ ਅਤੇ ਸ/ ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਮੌਜੂਦ ਸਨ।

# ਪਿੰਡ ਢੁਢੀਆਵਾਲ ਵਿਖੇ ਚਾਰ ਰੋਜ਼ਾ ਗੁਰਮਤਿ ਸਮਾਗਮ ਕਰਵਾਇਆ



ਸੁਲਤਾਨਪੁਰ ਲੋਧੀ- ਸਾਕਾ ਚਮਕੌਰ ਸਾਹਿਬ ਅਤੇ ਸਾਕਾ ਸਰਹਿੰਦ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਸਥਾਨਕ ਸੰਗਤਾਂ ਦੇ ਵਿਸ਼ੇਸ਼ ਸਹਿਯੋਗ ਨਾਲ ਪਿੰਡ ਢੁਢੀਆਵਾਲ ਜਿਲ੍ਹਾ ਕਪੂਰਥਲਾ ਵਿਖੇ ਚਾਰ ਰੋਜ਼ਾ ਸ਼ਹੀਦੀ ਦਿਹਾੜਾ ਮਨਾਇਆ ਗਿਆ। ਸਮਾਗਮ ਦੀ ਸਮਾਪਤੀ ਸਮੇਂ ਜਥੇਦਾਰ ਜਰਨੈਲ ਸਿੰਘ ਡੋਗਰਾਂਵਾਲਾ ਮੈਂਬਰ ਸ਼੍ਰੋਮਣੀ ਕਮੇਟੀ ਨੇ ਵਿਸ਼ੇਸ ਤੌਰ 'ਤੇ ਹਾਜ਼ਰੀ ਭਰੀ ਅਤੇ ਸੰਗਤਾਂ ਨਾਲ ਗੁਰਮਤਿ ਵੀਚਾਰਾਂ ਦੀ ਸਾਂਝ ਪਾਈ। ਭਾਈ ਹਰਜੀਤ ਸਿੰਘ ਪ੍ਰਚਾਰਕ ਇੰਚਾਰਜ ਮਾਝਾ ਜ਼ੋਨ ਨੇ ਸੰਗਤਾਂ ਨਾਲ ਸਾਹਿਬਜ਼ਾਦਿਆਂ ਦੀ ਸ਼ਹਾਦਤ ਸਬੰਧੀ ਵਿਚਾਰਾਂ ਦੀ ਸਾਂਝ ਪਾਈ। ਇਸ ਮੌਕੇ ਭਾਈ ਗੁਰਜੀਤ ਸਿੰਘ ਭੱਠਲ ਦੇ ਕਵੀਸ਼ਰ ਜਥੇ ਨੇ ਇਤਿਹਾਸ ਸਰਵਣ ਕਰਵਾਇਆ ਅਤੇ ਭਾਈ ਮਨਜੀਤ ਸਿੰਘ ਪ੍ਰਚਾਰਕ ਨੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ। ਇਸ ਸਮਾਗਮ ਸਮੇਂ ਭਾਈ ਹਰਜੀਤ ਸਿੰਘ ਸੁਲਤਾਨਪੁਰ ਲੋਧੀ ਅਤੇ ਭਾਈ ਮਨਜੀਤ ਸਿੰਘ ਪ੍ਰਚਾਰਕ ਦੀ ਦੇਖ-ਰੇਖ ਹੇਠ ਬੱਚਿਆਂ ਦੇ ਪ੍ਰਸ਼ਨੋਤਰੀ, ਕਵਿਤਾ ਅਤੇ ਦਸਤਾਰ, ਦੁਮਾਲਾ ਸਜਾਉਣ ਦੇ ਮੁਕਾਬਲੇ ਕਰਵਾਏ ਗਏ। ਮੁਕਾਬਲੇ ਵਿਚ ਭਾਗ ਲੈਣ ਵਾਲੇ ਬੱਚਿਆਂ ਦਾ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਜਰਨੈਲ ਸਿੰਘ ਡੋਗਰਾਂਵਾਲਾ, ਭਾਈ ਹਰਜੀਤ ਸਿੰਘ ਸੁਲਤਾਨਪੁਰ ਲੋਧੀ, ਭਾਈ ਪਰਮਿੰਦਰ ਸਿੰਘ ਖਾਲਸਾ, ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਨਿਸ਼ਾਨ ਸਿੰਘ ਅਤੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸਾਂਝੇ ਤੌਰ ਤੇ ਸਨਮਾਨ ਚਿੰਨ੍ਹ, ਮੈਡਲ, ਅਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨ ਕੀਤਾ ਗਿਆ। ਇਸ ਸਮਾਗਮ ਵਿੱਚ ਭਾਈ ਸੁਖਜੀਤ ਸਿੰਘ ਕਪੂਰਥਲਾ ਨੇ ਪਹਿਲੇ ਦਿਨਾਂ ਵਿੱਚ ਸਾਕਾ ਚਮਕੌਰ ਸਾਹਿਬ ਦੇ ਇਤਿਹਾਸ ਦੀ ਸਾਂਝ ਪਾਈ ਅਤੇ ਭਾਈ ਮਨਦੀਪ ਸਿੰਘ ਦੇ ਕੀਰਤਨੀ ਜਥੇ ਨੇ ਸੰਗਤਾਂ ਨੂੰ ਕੀਰਤਨ ਸੁਣਾ ਕੇ ਨਿਹਾਲ ਕੀਤਾ। ਸਮਾਗਮ ਦੀ ਸਫਲਤਾ ਲਈ ਭਾਈ ਨਿਸ਼ਾਨ ਸਿੰਘ ਢੁਢੀਆਵਾਲ, ਭਾਈ ਪਰਮਿੰਦਰ ਸਿੰਘ ਖਾਲਸਾ ਅਤੇ ਪ੍ਰਬੰਧਕ ਕਮੇਟੀ ਤੇ ਸੰਗਤਾਂ ਨੇ ਵਿਸ਼ੇਸ਼ ਸਹਿਯੋਗ ਦਿੱਤਾ।

# ਜਥੇਦਾਰ ਅਵਤਾਰ ਸਿੰਘ ਦੇ ਚਲਾਣੇ ਸਬੰਧੀ ਸ਼ੋਕ ਸਭਾ ਮਗਰੋਂ ਸ਼੍ਰੋਮਣੀ ਕਮੇਟੀ ਦਫ਼ਤਰ ਰਹੇ ਬੰਦ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਦੇ ਅਕਾਲ ਚਲਾਣੇ ਦੇ ਸਬੰਧ ਵਿਚ ਸ਼੍ਰੋਮਣੀ ਕਮੇਟੀ ਦੇ ਮੌਜੂਦਾ ਤੇ ਸਾਬਕਾ ਮੁਲਾਜ਼ਮਾਂ ਵੱਲੋਂ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸ਼ੋਕ ਇਕੱਤਰਤਾ ਦੌਰਾਨ ਉਨ੍ਹਾਂ ਦੀਆਂ ਸੇਵਾਵਾਂ ਨੂੰ ਯਾਦ ਕੀਤਾ ਗਿਆ। ਇਸ ਮਗਰੋਂ ਸੋਗ ਵਜੋਂ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਸਮੇਤ ਸਮੂਹ ਅਦਾਰੇ ਬੰਦ ਕਰ ਦਿੱਤੇ ਗਏ। ਸ਼ੋਕ ਇਕੱਤਰਤਾ ਮੌਕੇ ਮੂਲ ਮੰਤਰ ਅਤੇ ਗੁਰ ਮੰਤਰ ਦੇ ਜਾਪ ਕਰਕੇ ਵਿਛੜੀ ਰੂਹ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ ਗਿਆ। ਇਕੱਤਰਤਾ ਦੌਰਾਨ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਹਰਪਾਲ ਸਿੰਘ ਨੇ ਅਰਦਾਸ ਕੀਤੀ, ਜਦ ਕਿ ਵੱਖ-ਵੱਖ ਬੁਲਾਰਿਆਂ ਨੇ ਭਾਵੁਕਤਾ ਨਾਲ ਜਥੇਦਾਰ ਅਵਤਾਰ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਸ਼੍ਰੋਮਣੀ ਕਮੇਟੀ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਨੇ ਧਰਮ ਪ੍ਰਚਾਰ ਦੇ ਨਾਲ-ਨਾਲ ਸਿੱਖਿਆ ਦੇ ਵਿਕਾਸ ਲਈ ਵੀ ਅਹਿਮ ਯੋਗਦਾਨ ਪਾਇਆ। ਉਨ੍ਹਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਹੁੰਦਿਆਂ ਦੋ ਯੂਨੀਵਰਸਿਟੀਆਂ ਦੀ ਸਥਾਪਨਾ ਦੇ ਨਾਲ-ਨਾਲ ਕਈ ਨਵੇਂ ਵਿੱਦਿਅਕ ਅਦਾਰੇ ਬਣਾਏ। ਉਹ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਨੂੰ ਆਪਣਾ ਪਰਿਵਾਰ ਸਮਝਦੇ ਸਨ। ਉਨ੍ਹਾਂ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਨੇ ਸ਼੍ਰੋਮਣੀ ਕਮੇਟੀ ਦੇ ਕੰਮਕਾਜ ਨੂੰ ਪੁਰਾਤਨ ਰਵਾਇਤਾਂ ਦੀ ਰੌਸ਼ਨੀ ਵਿਚ ਸਮੇਂ ਦੇ ਹਾਣੀ ਬਣਾਇਆ। ਇਕੱਤਰਤਾ ਨੂੰ ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵੱਡ, ਸਕੱਤਰ ਸ. ਮਨਜੀਤ ਸਿੰਘ ਬਾਠ, ਸਾਬਕਾ ਸਕੱਤਰ ਸ. ਜੋਗਿੰਦਰ ਸਿੰਘ ਅਦਲੀਵਾਲ, ਸ. ਦਿਲਜੀਤ ਸਿੰਘ ਬੇਦੀ, ਸ. ਸਤਬੀਰ ਸਿੰਘ ਧਾਮੀ ਤੇ ਸ. ਬਲਵਿੰਦਰ ਸਿੰਘ ਜੋੜਾਸਿੰਘਾਂ ਨੇ ਵੀ ਸੰਬੋਧਨ ਕੀਤਾ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਸਕੱਤਰ ਸ. ਅਵਤਾਰ ਸਿੰਘ ਸੈਂਪਲਾ ਅਤੇ ਸ. ਮਹਿੰਦਰ ਸਿੰਘ ਆਹਲੀ ਨੇ ਵੀ ਜਥੇਦਾਰ ਮੱਕੜ ਦੇ ਚਲਾਣੇ ਤੇ ਦੁੱਖ ਪ੍ਰਗਟ ਕੀਤਾ।

ਸ਼ੋਕ ਸਭਾ ਮੌਕੇ ਹੋਰਨਾਂ ਤੋਂ ਇਲਾਵਾ ਵਧੀਕ ਸਕੱਤਰ ਸ. ਪ੍ਰਤਾਪ ਸਿੰਘ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਮੀਤ ਸਕੱਤਰ ਸ. ਸਤਿੰਦਰ ਸਿੰਘ, ਸ. ਸੁਲੱਖਣ ਸਿੰਘ ਭੰਗਾਲੀ, ਸ. ਬਲਵਿੰਦਰ ਸਿੰਘ ਕਾਹਲਵਾ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਨਿਸ਼ਾਨ ਸਿੰਘ, ਸ. ਤਜਿੰਦਰ ਸਿੰਘ ਪੱਡਾ, ਸ. ਗੁਰਮੀਤ ਸਿੰਘ ਬੁੱਟਰ, ਸਾਬਕਾ ਮੀਤ ਸਕੱਤਰ ਸ. ਹਰਿੰਦਰਪਾਲ ਸਿੰਘ, ਸ. ਬਲਬੀਰ ਸਿੰਘ, ਸੁਪ੍ਰਿੰਟੈਂਡੈਂਟ ਸ. ਸਤਨਾਮ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਸ. ਜਤਿੰਦਰ ਸਿੰਘ ਸਾਬਕਾ ਮੈਨੇਜਰ ਸਮੇਤ ਸ਼੍ਰੋਮਣੀ ਕਮੇਟੀ, ਧਰਮ ਪ੍ਰਚਾਰ ਕਮੇਟੀ ਤੇ ਸ੍ਰੀ ਦਰਬਾਰ ਸਾਹਿਬ ਦੇ ਮੁਲਾਜ਼ਮ ਮੌਜੂਦ ਸਨ।

# ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ. ਸੁਖਬੀਰ ਸਿੰਘ ਬਾਦਲ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਮੁੜ ਪ੍ਰਧਾਨ ਬਣਨ 'ਤੇ ਦਿੱਤੀ ਮੁਬਾਰਕਬਾਦ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ. ਸੁਖਬੀਰ ਸਿੰਘ ਬਾਦਲ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਮੁੜ ਪ੍ਰਧਾਨ ਬਣਨ 'ਤੇ ਮੁਬਾਰਕਬਾਦ ਦਿੱਤੀ ਹੈ। ਭਾਈ ਲੌਂਗੋਵਾਲ ਨੇ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਦੇਸ਼ ਦੀ ਸਭ ਤੋਂ ਪੁਰਾਣੀ ਖੇਤਰੀ ਪਾਰਟੀ ਹੈ, ਜਿਸ ਦੀ ਅਗਵਾਈ ਕਰਨਾ ਵੱਡੇ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਾ ਇਤਿਹਾਸ ਬੇਹੱਦ ਸ਼ਾਨਾਮੱਤਾ ਹੈ ਅਤੇ ਇਸ ਨੇ ਸਿੱਖਾਂ ਦੇ ਮਸਲਿਆਂ ਦੀ ਹਮੇਸ਼ਾ ਸਰਗਰਮੀ ਨਾਲ ਪੈਰਵਾਈ ਕੀਤੀ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਅੱਜ ਵੀ ਸਿੱਖ ਕੌਮ ਦੇ ਮਸਲਿਆਂ ਤੋਂ ਇਲਾਵਾ ਲੋਕ ਹਿੱਤਾਂ ਤੇ ਪੰਜਾਬ ਦੀ ਖੁਸ਼ਹਾਲੀ ਲਈ ਸ਼੍ਰੋਮਣੀ ਅਕਾਲੀ ਦਲ ਮੋਹਰੀ ਰੋਲ ਨਿਭਾਅ ਰਿਹਾ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਸ. ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿਚ ਸ਼੍ਰੋਮਣੀ ਅਕਾਲੀ ਦਲ ਆਪਣੀਆਂ ਰਵਾਇਤਾਂ ਅਨੁਸਾਰ ਲੋਕਾਂ ਦੀ ਅਵਾਜ਼ ਬਣਨ ਦੇ ਨਾਲ-ਨਾਲ ਕੌਮ ਦੀ ਤਰੱਕੀ ਲਈ ਵੀ ਯਤਨਸ਼ੀਲ ਰਹੇਗਾ।

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਚੁਣੇ ਜਾਣ ਮਗਰੋਂ ਸ. ਸੁਖਬੀਰ ਸਿੰਘ ਬਾਦਲ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ। ਇਸ ਮੌਕੇ ਉਨ੍ਹਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗੁਰੂ ਬਖ਼ਸ਼ਿਸ਼ ਸਿਰੋਪਾਓ ਅਤੇ ਪਤਾਸਿਆਂ ਦਾ ਪ੍ਰਸ਼ਾਦ ਦਿੱਤਾ ਗਿਆ। ਉਨ੍ਹਾਂ ਨੇ ਸਰਵਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਵੀ ਮੱਥਾ ਟੇਕਿਆ। ਇਸ ਮੌਕੇ ਉਨ੍ਹਾਂ ਨਾਲ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੀ ਮੌਜੂਦ ਸਨ।

# ਭਾਈ ਲੌਂਗੋਵਾਲ ਨੇ ਮੱਧ ਪ੍ਰਦੇਸ਼ 'ਚ ਸਿੱਖਾਂ ਨੂੰ ਜ਼ਬਰੀ ਉਜਾੜਨ ਦਾ ਲਿਆ ਸਖ਼ਤ ਨੋਟਿਸ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਮੱਧ ਪ੍ਰਦੇਸ਼ ਦੇ ਜ਼ਿਲ੍ਹਾ ਸ਼ਿਓਪੁਰ ਦੀ ਤਹਿਸੀਲ ਕਰਹਾਲ ਵਿਚ ਪੈਂਦੇ ਪਿੰਡਾਂ ਵਿੱਚੋਂ ਸਿੱਖਾਂ ਨੂੰ ਉਜਾੜਨ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਥਾਨਕ ਪ੍ਰਸ਼ਾਸਨ ਵੱਲੋਂ ਸਿੱਖਾਂ ਦੇ ਘਰ ਢਾਹੁਣ ਅਤੇ ਉਨ੍ਹਾਂ ਦੀ ਫਸਲ ਉਜਾੜ ਕੇ ਜ਼ਮੀਨਾਂ 'ਤੇ ਕਬਜ਼ਾ ਕਰਨ ਨੂੰ ਸਿੱਖਾਂ ਨੂੰ ਦਬਾਉਣ ਦੀ ਕੋਝੀ ਹਰਕਤ ਕਰਾਰ ਦਿੰਦਿਆਂ ਆਖਿਆ ਕਿ ਇਹ ਬੇਹੱਦ ਨਿੰਦਣਯੋਗ ਹੈ ਅਤੇ ਸ਼੍ਰੋਮਣੀ ਕਮੇਟੀ ਪੀੜਤ ਸਿੱਖ ਪਰਿਵਾਰਾਂ ਨੂੰ ਇਨਸਾਫ਼ ਦਿਵਾਉਣ ਲਈ ਉਨ੍ਹਾਂ ਦੇ ਨਾਲ ਹੈ।

ਉਨ੍ਹਾਂ ਆਖਿਆ ਕਿ ਇਸ ਮਾਮਲੇ ਸਬੰਧੀ ਸ਼੍ਰੋਮਣੀ ਕਮੇਟੀ ਦੇਸ਼ ਦੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਤੱਕ ਪਹੁੰਚ ਕਰੇਗੀ। ਭਾਈ ਲੌਂਗੋਵਾਲ ਨੇ ਆਖਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਮਾਮਲੇ ਦੀ ਮੁਕੰਮਲ ਜਾਣਕਾਰੀ ਲਈ ਜਾ ਰਹੀ ਹੈ, ਤਾਂ ਜੋ ਪ੍ਰਭਾਵਿਤ ਸਿੱਖ ਪਰਿਵਾਰਾਂ ਦੀ ਮੱਦਦ ਕੀਤੀ ਜਾ ਸਕੇ।

ਉਨ੍ਹਾਂ ਆਖਿਆ ਕਿ ਪਿਛਲੇ 30 ਸਾਲ ਤੋਂ ਮੱਧ ਪ੍ਰਦੇਸ਼ ਦੇ ਪਿੰਡਾਂ ਵਿਚ ਰਹਿ ਰਹੇ ਸਿੱਖਾਂ ਨੂੰ ਦਬਾਉਣ ਨਾਲ ਉਥੋਂ ਦੀ ਸਰਕਾਰ ਅਤੇ ਖ਼ਾਸਕਰ ਮੁੱਖ ਮੰਤਰੀ ਕਮਲ ਨਾਥ ਦਾ ਸਿੱਖ ਵਿਰੋਧੀ ਚਿਹਰਾ ਇਕ ਵਾਰ ਫਿਰ ਨੰਗਾ ਹੋਇਆ ਹੈ। ਇਸ ਤੋਂ ਪਹਿਲਾਂ 1984 ਦੇ ਸਿੱਖ ਕਤਲੇਆਮ ਸਮੇਂ ਵੀ ਕਮਲ ਨਾਥ ਨੇ ਹੈਵਾਨੀਅਤ ਦਾ ਨੰਗਾ ਨਾਚ ਕਰਕੇ ਮਨੁੱਖਤਾ ਵਿਰੋਧੀ ਹੋਣ ਦਾ ਪ੍ਰਮਾਣ ਦਿੱਤਾ ਸੀ। ਹੁਣ ਇਕ ਵਾਰ ਫਿਰ ਉਸ ਵੱਲੋਂ ਸਿੱਖਾਂ 'ਤੇ ਅੱਤਿਆਚਾਰ ਕੀਤਾ ਗਿਆ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਦੇਸ਼ ਦੇ ਕਿਸੇ ਵੀ ਸੂਬੇ ਅੰਦਰ ਵੱਸਦੇ ਘੱਟ ਗਿਣਤੀ ਸਿੱਖਾਂ ਦੀ ਹਿਫਾਜ਼ਤ ਕਰਨਾ ਭਾਰਤ ਸਰਕਾਰ ਦੇ ਨਾਲ-ਨਾਲ ਸਥਾਨਕ ਸੂਬਾਈ ਸਰਕਾਰਾਂ ਦੀ ਜ਼ੁੰਮੇਵਾਰੀ ਹੈ, ਪਰੰਤੂ ਮੱਧ ਪ੍ਰਦੇਸ਼ ਦੀ ਮੌਜੂਦਾ ਸਰਕਾਰ ਨੇ ਆਪਣੇ ਜ਼ੁੰਮੇਵਾਰੀ ਤੋਂ ਪਾਸਾ ਵੱਟਿਆ ਹੈ। ਉਨ੍ਹਾਂ ਭਾਰਤ ਸਰਕਾਰ ਨੂੰ ਅਪੀਲ ਕੀਤੀ ਕਿ ਮੱਧ ਪ੍ਰਦੇਸ਼ ਸਰਕਾਰ ਵੱਲੋਂ ਸਿੱਖਾਂ 'ਤੇ ਕੀਤੇ ਜ਼ਬਰ ਵਿਰੁੱਧ ਸਖ਼ਤ ਕਾਰਵਾਈ ਕਰੇ ਅਤੇ ਪੀੜਤ ਸਿੱਖਾਂ ਨੂੰ ਇਨਸਾਫ਼ ਦਿਵਾਇਆ ਜਾਵੇ।



ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ (ਬਠਿੰਡਾ) ਵਿਖੇ 15 ਦਸੰਬਰ ਨੂੰ ਹੋਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 123 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।

# ਸੰਗਤਾਂ ਨੂੰ ਸ੍ਰੀ ਕਰਤਾਰਪੁਰ ਸਾਹਿਬ ਲੰਗਰ ਰਸਦਾਂ ਲਿਜਾਣ ਤੋਂ ਰੋਕਣਾ ਮੰਦਭਾਗਾ- ਭਾਈ ਲੌਂਗੋਵਾਲ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਲਈ ਜਾਣ ਵਾਲੀਆਂ ਸੰਗਤਾਂ ਨੂੰ ਲੰਗਰ ਰਸਦਾਂ ਲਿਜਾਣ ਤੋਂ ਰੋਕਣਾ ਮੰਦਭਾਗਾ ਕਰਾਰ ਦਿੱਤਾ ਹੈ। ਉਨ੍ਹਾਂ ਆਖਿਆ ਕਿ ਇਹ ਸੰਗਤ ਦੀਆਂ ਧਾਰਮਿਕ ਭਾਵਨਾਵਾਂ ਦੇ ਵਿਰੁੱਧ ਹੈ। ਸੰਗਤਾਂ ਗੁਰੂ ਸਾਹਿਬ ਦੇ ਸਤਿਕਾਰ ਅਤੇ ਲੰਗਰ ਦੀ ਮਹਾਨਤਾ ਦੇ ਮੱਦੇਨਜ਼ਰ ਰਸਦਾਂ ਭੇਟਾ ਕਰਦੀਆਂ ਹਨ। ਲੰਗਰਾਂ ਵਿਚ ਸੇਵਾ ਕਰਨਾ ਸਿੱਖ ਰਵਾਇਤ ਹੈ, ਪਰੰਤੂ ਹੈਰਾਨੀ ਦੀ ਗੱਲ ਹੈ ਕਿ ਕਰਤਾਰਪੁਰ ਸਾਹਿਬ ਜਾਣ ਵਾਲੀਆਂ ਸੰਗਤਾਂ ਨੂੰ ਰਸਦਾਂ ਲਿਜਾਣ ਤੋਂ ਰੋਕਿਆ ਜਾ ਰਿਹਾ ਹੈ। ਉਨ੍ਹਾਂ ਆਖਿਆ ਕਿ ਚੈਕਿੰਗ ਅਤੇ ਸਕੈਨਿੰਗ ਦੇ ਬਹਾਨੇ ਨਾਲ ਅਜਿਹਾ ਕਰਨਾ ਤਰਕਸੰਗਤ ਨਹੀਂ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਆਖਿਆ ਕਿ ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਲੰਗਰ ਦੀ ਰਵਾਇਤ ਕਾਇਮ ਕੀਤੀ ਸੀ ਅਤੇ ਗੁਰੂ ਸਾਹਿਬ ਦੇ ਹੀ ਪਾਵਨ ਅਸਥਾਨ ਦੇ ਦਰਸ਼ਨਾਂ ਲਈ ਜਾਣ ਵਾਲੀਆਂ ਸੰਗਤਾਂ ਨੂੰ ਲੰਗਰ ਸੇਵਾਵਾਂ ਤੋਂ ਰੋਕਣਾ ਗੁਰੂ ਸਾਹਿਬ ਦੇ ਸਿਧਾਂਤ ਦੀ ਉਲੰਘਣਾ ਹੈ। ਉਨ੍ਹਾਂ ਕਿਹਾ ਕਿ ਸ਼ਰਧਾਲੂਆਂ ਦੀ ਸ਼ਰਧਾ ਨੂੰ ਠੇਸ ਨਹੀਂ ਪਹੁੰਚਾਈ ਜਾਣੀ ਚਾਹੀਦੀ। ਇਹ ਮਾਮਲਾ ਸੰਗਤਾਂ ਦੀ ਆਸਥਾ ਨਾਲ ਜੁੜਿਆ ਹੋਇਆ ਹੈ, ਜਿਸ ਲਈ ਭਾਰਤ ਅਤੇ ਪਾਕਿਸਤਾਨ ਸਰਕਾਰਾਂ ਇਸ ਵੱਲ ਉਚੇਚਾ ਧਿਆਨ ਦੇਣ।

ਭਾਈ ਲੌਂਗੋਵਾਲ ਨੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਵਿਖੇ ਗੈਰ ਸਿੱਖਾਂ 'ਤੇ ਲਗਾਈ ਪਾਬੰਦੀ ਨੂੰ ਵੀ ਗੁਰੂ ਸਾਹਿਬ ਜੀ ਦੇ ਸਿਧਾਂਤਾਂ ਵਿਰੁੱਧ ਦੱਸਿਆ। ਉਨ੍ਹਾਂ ਆਖਿਆ ਕਿ ਗੁਰਮਤਿ ਦਾ ਫਸਲਫਾ ਸਰਬਸਾਂਝੀਵਾਲਤਾ ਵਾਲਾ ਹੈ। ਹਰ ਧਰਮ ਦੇ ਲੋਕ ਗੁਰੂ ਘਰ ਨਤਮਸਤਕ ਹੋ ਸਕਦੇ ਹਨ। ਕਿਸੇ ਨੂੰ ਗੁਰਦੁਆਰਾ ਸਾਹਿਬ ਵਿਖੇ ਸ਼ਰਧਾ ਪ੍ਰਗਟਾਉਣ ਤੋਂ ਰੋਕਣਾ ਠੀਕ ਨਹੀਂ ਹੈ। ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਓਕਾਫ ਬੋਰਡ ਨੂੰ ਇਸ ਫੈਸਲੇ ਨੂੰ ਮੁੜ ਵਿਚਾਰਨਾ ਚਾਹੀਦਾ ਹੈ।




ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਸੁਖਵਰਸ਼ ਸਿੰਘ ਪੰਨੂ ਅਤੇ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਵੱਲੋਂ ਬਲਜੀਤ ਮੈਮੋਰੀਅਲ ਸੀਨੀਅਰ ਸੰਕੈਡਰੀ ਸਕੂਲ, ਕਾਹਲਵਾਂ, ਤਰਨ ਤਾਰਨ ਵਿਖੇ ਬੱਚਿਆਂ ਨੂੰ ਗੁਰਮਤਿ ਸਿਧਾਂਤਾਂ ਦੀ ਜਾਣਕਾਰੀ ਦਿੱਤੀ।

# ਬ੍ਰਿਟਿਸ਼ ਆਰਮੀ ਦਾ ਵਫ਼ਦ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਇਆ ਨਤਮਸਤਕ



ਅੰਮ੍ਰਿਤਸਰ- ਸਾਰਾਗੜ੍ਹੀ ਦੇ ਸ਼ਹੀਦਾਂ ਦੀ ਯਾਦ ਵਿਚ ਸਥਾਨਕ ਖ਼ਾਲਸਾ ਕਾਲਜ ਵਿਖੇ ਸਾਰਾਗੜ੍ਹੀ ਫਾਊਂਡੇਸ਼ਨ ਨਿਊਯਾਰਕ ਵੱਲੋਂ ਕਰਵਾਏ ਗਏ ਇਕ ਸੈਮੀਨਾਰ ਵਿਚ ਭਾਗ ਲੈਣ ਪੁੱਜੇ ਬ੍ਰਿਟਿਸ਼ ਆਰਮੀ ਦੇ ਵਫ਼ਦ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨ ਦੀਦਾਰ ਕੀਤੇ। ਵਫ਼ਦ ਵਿਚ ਬਰਗੇਡੀਅਰ ਸੇਲੀਆ ਜੇਨ ਹਾਰਵੇ, ਕਰਨਲ ਜੋਹਨ ਕੇਂਡਲ, ਕੈਪਟਨ ਕਰੇਜ ਬਿਕੇਰਟਨ, ਕੈਪਟਨ ਜਗਜੀਤ ਸਿੰਘ ਤੇ ਵਾਰੰਟ ਅਫ਼ਸਰ ਅਸ਼ੋਕ ਚੌਹਾਨ ਮੌਜੂਦ ਸਨ। ਇਸ ਦੌਰਾਨ ਵਫ਼ਦ ਮੈਂਬਰਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨਾਲ ਵੀ ਮੁਲਾਕਾਤ ਕੀਤੀ, ਜਿਥੇ ਉਨ੍ਹਾਂ ਨੂੰ ਸਿੰਘ ਸਾਹਿਬ ਵੱਲੋਂ ਸਨਮਾਨਿਤ ਕੀਤਾ ਗਿਆ। ਉਨ੍ਹਾਂ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਵੀ ਮੱਥਾ ਟੇਕਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸਾਰਾਗੜ੍ਹੀ ਫਾਊਂਡੇਸ਼ਨ ਦੇ ਚੇਅਰਮੈਨ ਸ. ਗੁਰਿੰਦਰਪਾਲ ਸਿੰਘ ਜੋਸਨ, ਪ੍ਰਧਾਨ ਬਰਗੇਡੀਅਰ ਕੁਲਦੀਪ ਸਿੰਘ ਕਾਹਲੋਂ, ਸ. ਤਰਨਬੀਰ ਸਿੰਘ ਬੈਨੀਪਾਲ, ਬੀਬੀ ਕਮਲਜੀਤ ਕੌਰ ਪੰਨੂ, ਵਧੀਕ ਮੈਨੇਜਰ ਸ. ਸੁਖਰਾਜ ਸਿੰਘ ਤੇ ਸ. ਇਕਬਾਲ ਸਿੰਘ ਮੁਖੀ, ਸ. ਜਸਪਾਲ ਸਿੰਘ, ਸ਼੍ਰੋਮਣੀ ਕਮੇਟੀ ਦੇ ਸੂਚਨਾ ਅਧਿਕਾਰੀ ਸ. ਅੰਮ੍ਰਿਤਪਾਲ ਸਿੰਘ ਵੀ ਮੌਜੂਦ ਸਨ।